GARY'S
ANY 2 LARGE PIZZAS
ANY 2 EX LARGE PIZZAS
020 8571 3311

PANJAB TIMES

# ਪੰਜਾਬ ਟਾਈਮਜ਼

Free

ਪੰਜਾਬੀਆਂ ਦੇ ਹੱਕਾਂ ਦਾ ਪਹਿਰੇਦਾਰ

Free Edition | 15 March, 2024

Europe's Leading Panjabi Weekly Since 1965

Panjab Times, Bridle Gate Lane, Derby, DE24 0QW (UK) • Tel: 01332 372851 or 07966 388388 • www.panjabtimes.uk • Email: panjabtimes@aol.com

IMMIGRATION ADVICE BUREAU
SPECIALISTS ESTD 1988
FOR FREE INITIAL ADVICE
Contact
S.S.RAI
Tel: 020 8571 6680
India: +91-181 5086389

## ਡਿਬਰੂਗੜ੍ਹ ਜੇਲ੍ਹ ’ਚ ਨਜ਼ਰਬੰਦ ਸਿੱਖ ਨੌਜਵਾਨਾਂ ਤੇ ਉਨ੍ਹਾਂ ਦੇ ਪਰਿਵਾਰਾਂ ਵੱਲੋਂ ਭੁੱਖ ਹੜਤਾਲ ਦਾ ਮਾਮਲਾ:

# ਸਬ ਕਮੇਟੀ ਦੀ ਬੈਠਕ ਵਿਚ ਮੁੱਖ ਮੰਤਰੀ ਭਗਵੰਤ ਮਾਨ ਦੀ ਸਿੱਖ ਮਾਮਲਿਆਂ ਪ੍ਰਤੀ ਗ਼ੈਰ ਸੰਜੀਦਾ ਪਹੁੰਚ ਦੀ ਨਿਖੇਧੀ

ਅੰਮ੍ਰਿਤਸਰ- ਡਿਬਰੂਗੜ੍ਹ ਜੇਲ੍ਹ ਵਿੱਚ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ, ਹੋਰ ਸਿੰਘਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਵੱਲੋਂ ਸਰਕਾਰ ਦੇ ਖਿਲਾਫ ਕੀਤੀ ਜਾ ਰਹੀ ਭੁੱਖ ਹੜਤਾਲ ਅਤੇ ਉਨ੍ਹਾਂ ਦੇ ਮਾਮਲੇ ਸੁਲਝਾਉਣ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬਣਾਈ ਗਈ ਸਬ-ਕਮੇਟੀ ਦੀ ਅੱਜ ਦਫ਼ਤਰ ਸ਼੍ਰੋਮਣੀ ਕਮੇਟੀ ਵਿਖੇ ਇਕੱਤਰਤਾ ਹੋਈ ਜਿਸ ਵਿੱਚ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ, ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਡਾ. ਸੁਖਪ੍ਰੀਤ ਸਿੰਘ ਉੱਦੋਕੇ ਅਤੇ ਸ. ਅਜਮੇਰ ਸਿੰਘ ਸ਼ਾਮਲ ਹੋਏ। ਇਕੱਤਰਤਾ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ ਅਤੇ ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ ਨੇ ਕਿਹਾ ਕਿ ਨਜ਼ਰਬੰਦ ਸਿੰਘਾਂ ਸਬੰਧੀ ਮਾਮਲਿਆਂ ਉੱਤੇ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਪਾਸੋਂ ਸਬ ਕਮੇਟੀ ਲਈ ਮੁਲਾਕਾਤ ਦਾ ਸਮਾਂ ਮੰਗਿਆ ਗਿਆ ਸੀ, ਪਰੰਤੂ 9 ਮਾਰਚ ਤੋਂ ਬਾਅਦ ਤਿੰਨ ਵਾਰ ਪੱਤਰ ਭੇਜਣ ਦੇ ਬਾਵਜੂਦ ਵੀ ਸਰਕਾਰ ਨੇ ਕੋਈ ਸਾਰਥਕ ਹੁੰਗਾਰਾ ਨਹੀਂ ਭਰਿਆ। ਉਨ੍ਹਾਂ ਕਿਹਾ ਕਿ ਅੱਜ ਸਬ ਕਮੇਟੀ ਦੀ ਇਕੱਤਰਤਾ ਵਿੱਚ ਮਹਿਸੂਸ ਕੀਤਾ ਗਿਆ ਕਿ ਪੰਜਾਬ ਦੇ ਮੁੱਖ ਮੰਤਰੀ ਦੀ ਸਿੱਖ ਮਾਮਲਿਆਂ ਪ੍ਰਤੀ ਗ਼ੈਰ ਸੰਜੀਦਾ ਪਹੁੰਚ ਬਹੁਤ ਹੀ ਮੰਦਭਾਗੀ ਹੈ, ਜੋ ਕਿ ਸੂਬੇ ਦੇ ਹਿਤਾਂ ਵਿੱਚ ਨਹੀਂ ਹੈ।

ਇਕੱਤਰਤਾ ਉਪਰੰਤ ਮੀਡੀਆ ਨੂੰ ਸੰਬੋਧਨ ਕਰਦਿਆਂ ਸ. ਖ਼ਾਲਸਾ ਅਤੇ ਭਾਈ ਮਹਿਤਾ ਨੇ ਕਿਹਾ ਕਿ ਡਿਬਰੂਗੜ੍ਹ ਜੇਲ੍ਹ ਅਸਾਮ, ਅੰਮ੍ਰਿਤਸਰ ਜੇਲ੍ਹ ਪੰਜਾਬ ਅਤੇ ਅੰਮ੍ਰਿਤਸਰ ਦੇ ਵਿਰਾਸਤੀ ਮਾਰਗ ਉੱਤੇ ਨਜ਼ਰਬੰਦ ਸਿੰਘਾਂ ਦੇ ਪਰਿਵਾਰਕ ਮੈਂਬਰਾਂ ਦੀ ਆਏ ਦਿਨ ਵਿਗੜ ਰਹੀ ਸਰੀਰਕ ਹਾਲਤ ਨੂੰ ਮੁੱਖ ਰੱਖਦਿਆਂ ਵਿਰਾਸਤੀ ਮਾਰਗ ਉੱਤੇ 17 ਮਾਰਚ ਐਤਵਾਰ ਨੂੰ ਹੋਣ ਜਾ ਰਹੇ ਪੰਥਕ ਇਕੱਠ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੋਏ ਆਦੇਸ਼ਾਂ ਅਨੁਸਾਰ ਹਰ ਤਰ੍ਹਾਂ ਦਾ ਸਹਿਯੋਗ ਕਰਨ ਦਾ ਫੈਸਲਾ ਵੀ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਹੋਏ ਆਦੇਸ਼ ਅਨੁਸਾਰ ਸਬ ਕਮੇਟੀ ਵੱਲੋਂ ਸ. ਭਗਵੰਤ ਸਿੰਘ ਸਿਆਲਕਾ ਨੂੰ ਸ਼ਾਮਲ ਹੋਣ ਅਤੇ *ਸ. ਸੁਖਪ੍ਰੀਤ ਸਿੰਘ ਉੱਦੋਕੇ ਨੂੰ ਸਟੇਜ ਦੀ ਸੇਵਾ ਨਿਭਾਉਣ ਲਈ ਕਿਹਾ ਗਿਆ ਹੈ।*

ਇਸ ਤੋਂ ਇਲਾਵਾ ਸਾਰੇ ਪ੍ਰੋਗਰਾਮ ਨੂੰ ਪੂਰੇ ਜਾਬਤੇ ਵਿੱਚ ਰੱਖ ਕੇ ਸਮਾਂਬੱਧ ਤਰੀਕੇ ਨਾਲ ਚਲਾਉਣ ਲਈ ਕਿਹਾ ਗਿਆ ਹੈ। ਉਨ੍ਹਾਂ ਆਖਿਆ ਕਿ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਪੰਥਕ ਮਾਮਲਿਆਂ ਉੱਤੇ ਸਹਿਯੋਗੀ ਰਹਿੰਦੀ ਹੈ ਅਤੇ ਅਗਾਂਹ ਵੀ ਸਹਿਯੋਗ ਕਰਦੀ ਰਹੇਗੀ।

ਇਸ ਤੋਂ ਇਲਾਵਾ ਨਜ਼ਰਬੰਦ ਸਿੰਘਾਂ ਦੇ ਪਰਿਵਾਰਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਪਹਿਲਾਂ ਦੀ ਤਰ੍ਹਾਂ ਇਖਲਾਕੀ ਤੇ ਮਾਲੀ ਸਹਿਯੋਗ ਵੀ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਸਰਕਾਰਾਂ ਦੇ ਸਿੱਖ ਵਿਰੋਧੀ ਰਵੱਈਏ ਨੂੰ ਧਿਆਨ ਵਿੱਚ ਰੱਖਦਿਆਂ ਕੌਮ ਨੂੰ ਜਥੇਬੰਦਕ ਧੜੇਬੰਦੀਆਂ ਤੋਂ ਉੱਪਰ ਉੱਠ ਕੇ ਆਪਸੀ ਇੱਕਜੁੱਟਤਾ, ਗੰਭੀਰਤਾ, ਦੂਰਦ੍ਰਿਸ਼ਟੀ ਦਾ ਪ੍ਰਗਟਾਵਾ ਕਰਨਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਸਬ ਕਮੇਟੀ ਦੀਆਂ ਹੁਣ ਤੱਕ ਹੋਈਆਂ ਇਕੱਤਰਤਾਵਾਂ ਅਤੇ ਮਾਮਲੇ ਦੀ ਮੌਜੂਦਾ ਸਥਿਤੀ ਬਾਰੇ ਰਿਪੋਰਟ ਸ੍ਰੀ ਅਕਾਲ ਤਖ਼ਤ ਸਾਹਿਬ ਭੇਜ ਦਿੱਤੀ ਜਾਵੇਗੀ।

ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਇੰਚਾਰਜ ਸ. ਅਜ਼ਾਦਦੀਪ ਸਿੰਘ ਵੀ ਹਾਜ਼ਰ ਸਨ।

# ਜਾਪਾਨ ਦੀ ਹਾਈਕੋਰਟ ਨੇ ਸਮਲਿੰਗੀ ਵਿਆਹ ‘ਤੇ ਬੈਨ ਨੂੰ ਦੱਸਿਆ ਗੈਰ-ਸੰਵਿਧਾਨਕ

ਜਾਪਾਨ ਦੀ ਹਾਈ ਕੋਰਟ ਨੇ ਇਤਿਹਾਸਕ ਫੈਸਲਾ ਦਿੰਦੇ ਹੋਏ ਕਿਹਾ ਕਿ ਦੇਸ਼ ‘ਚ ਸਮਲਿੰਗੀ ਵਿਆਹ ਦੀ ਇਜਾਜ਼ਤ ਨਾ ਦੇਣਾ ਗੈਰ-ਸੰਵਿਧਾਨਕ ਹੈ। ਮੀਡੀਆ ਰਿਪੋਰਟਾਂ ਮੁਤਾਬਕ ਉੱਤਰੀ ਜਾਪਾਨ ਵਿੱਚ ਸਪੋਰੋ ਹਾਈ ਕੋਰਟ ਨੇ ਸਰਕਾਰ ਨੂੰ ਹਰਜਾਨੇ ਦੇ ਮੁਦਈ ਦੇ ਦਾਅਵੇ ਨੂੰ ਰੱਦ ਕਰਦੇ ਹੋਏ ਇਹ ਆਦੇਸ਼ ਦਿੱਤਾ ਹੈ। ਸਪੋਰੋ ਅਦਾਲਤ ਦੇ ਹੁਕਮਾਂ ਤੋਂ ਪਹਿਲਾਂ ਟੋਕੀਓ ਅਦਾਲਤ ਨੇ ਵੀ ਅਜਿਹਾ ਹੀ ਹੁਕਮ ਦਿੱਤਾ ਸੀ, ਜਿਸ ਤੋਂ ਬਾਅਦ ਸਮਲਿੰਗੀ ਵਿਆਹ ਨੂੰ ਕਾਨੂੰਨੀ ਮਾਨਤਾ ਦੇਣ ਦੀ ਮੰਗ ਹੋਰ ਵੀ ਤੇਜ਼ ਹੋ ਗਈ ਹੈ। ਵੱਖ-ਵੱਖ ਮਾਮਲਿਆਂ ਵਿੱਚ ਟੋਕੀਓ ਅਤੇ ਸਪੋਰੋ ਦੀਆਂ ਅਦਾਲਤਾਂ ਨੇ ਹੁਕਮਾਂ ਵਿੱਚ ਕਿਹਾ ਕਿ ਪਾਬੰਦੀ ਕਾਰਨ ਨਾਗਰਿਕਾਂ ਦੇ ਅਧਿਕਾਰਾਂ ਦੀ ਉਲੰਘਣਾ ਹੋਈ ਹੈ। ਭਾਵੇਂ ਅਦਾਲਤ ਨੇ ਇਹ ਹੁਕਮ ਦਿੱਤਾ ਹੈ, ਫਿਰ ਵੀ



ਕਾਰਕੁੰਨ ਚਾਹੁੰਦੇ ਹਨ ਕਿ ਸਰਕਾਰ ਸਮਲਿੰਗੀ ਵਿਆਹ ਨੂੰ ਮਾਨਤਾ ਦੇਣ ਲਈ ਕਾਨੂੰਨ ਬਣਾਏ। ਮੌਜੂਦਾ ਜੀ7 ਦੇਸ਼ਾਂ ਵਿਚੋਂ ਜਾਪਾਨ ਇਕਲੌਤਾ ਅਜਿਹਾ ਦੇਸ਼ ਹੈ ਜੋ ਸਮਲਿੰਗੀ ਜੋੜਿਆਂ ਨੂੰ ਪੂਰੀ ਤਰ੍ਹਾਂ ਮਾਨਤਾ ਨਹੀਂ ਦਿੰਦਾ ਅਤੇ ਨਾ ਹੀ ਉਨ੍ਹਾਂ ਨੂੰ ਕਾਨੂੰਨੀ ਸੁਰੱਖਿਆ ਹੈ। ਪਰ ਏਸ਼ੀਆ ਵਿੱਚ ਤਾਇਵਾਨ ਹੀ ਅਜਿਹਾ ਦੇਸ਼ ਹੈ ਜਿੱਥੇ ਸਮਲਿੰਗੀ ਵਿਆਹ ਨੂੰ ਮਾਨਤਾ ਦਿੱਤੀ ਜਾਂਦੀ ਹੈ।

# ਹੰਸ ਰਾਜ ਹੰਸ ਨੂੰ ਭਾਜਪਾ ਵੱਲੋਂ ਵੱਡਾ ਝਟਕਾ!

## ਦਿੱਲੀ ਨੌਰਥ ਵੈਸਟ ਤੋਂ ਕੱਟੀ ਟਿਕਟ

ਭਾਜਪਾ ਵੱਲੋਂ ਹੰਸਰਾਜ ਹੰਸ ਨੂੰ ਵੱਡਾ ਝਟਕਾ ਦਿੱਤਾ ਗਿਆ ਹੈ। ਦਿੱਲੀ ਨੌਰਥ ਵੈਸਟ ਤੋਂ ਉਨ੍ਹਾਂ ਦੀ ਟਿਕਟ ਕੱਟ ਦਿੱਤੀ ਗਈ ਹੈ ਤੇ ਉਨ੍ਹਾਂ ਦੀ ਥਾਂ ‘ਤੇ ਯੋਗਿੰਦਰ ਚੰਦੋਲੀਆ ਨੂੰ ਉਮੀਦਵਾਰ ਐਲਾਨਿਆ ਗਿਆ ਹੈ।

ਇਨ੍ਹਾਂ ਸਭ ਦੇ ਦਰਮਿਆਨ ਇਹ ਵੀ ਚਰਚਾ ਹੈ ਕਿ ਹੰਸ ਰਾਜ ਹੰਸ ਨੂੰ ਪੰਜਾਬ ਤੋਂ ਟਿਕਟ ਦਿੱਤੀ ਜਾ ਸਕਦੀ ਹੈ।

ਕਿਆਸ ਲਗਾਏ ਜਾ ਰਹੇ ਹਨ ਕਿ ਪੰਜਾਬ ਦੇ ਜਲੰਧਰ ਜ਼ਿਲ੍ਹੇ ਤੋਂ ਹੰਸਰਾਜ ਹੰਸ ਨੂੰ ਟਿਕਟ ਦਿੱਤੀ ਜਾ ਸਕਦੀ ਹੈ ਪਰ ਇਸ ਦੀ ਪੁਸ਼ਟੀ ਕਿਸੇ ਵੀ ਭਾਜਪਾ ਆਗੂ ਵੱਲੋਂ ਨਹੀਂ ਕੀਤੀ ਗਈ।

ਦੱਸ ਦੇਈਏ ਕਿ ਬੀਤੇ ਦਿਨੀਂ ਭਾਜਪਾ ਨੇ ਲੋਕ ਸਭਾ ਚੋਣਾਂ ਲਈ ਦੂਜੀ ਲਿਸਟ ਜਾਰੀ ਕਰ ਦਿੱਤੀ ਹੈ। 72 ਉਮੀਦਵਾਰਾਂ ਦੀ ਲਿਸਟ ਜਾਰੀ ਕੀਤੀ ਗਈ ਹੈ ਜਿਸ ਵਿਚ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਮਨਹੋਰ ਲਾਲ ਖੱਟਰ ਨੂੰ ਕਰਨਾਲ ਤੋਂ ਉਮੀਦਵਾਰ ਐਲਾਨਿਆ ਗਿਆ ਹੈ। ਖੱਟਰ ਨੇ ਵਿਧਾਨ ਸਭਾ ਤੋਂ ਵੀ ਅਸਤੀਫਾ ਦੇ ਦਿੱਤਾ ਹੈ ਤੇ ਅਜਿਹੇ ਵਿਚ ਚਰਚਾ ਹੈ ਕਿ ਉਨ੍ਹਾਂ ਨੂੰ ਪੰਜਾਬ ਦਾ ਰਾਜਪਾਲ ਬਣਾਇਆ ਜਾ ਸਕਦਾ ਹੈ। ਇਸੇ ਤਰ੍ਹਾਂ ਅਸ਼ੋਕ ਤੰਵਰ ਨੂੰ ਸਿਰਸਾ ਤੋਂ ਉਮੀਦਵਾਰ ਬਣਾਇਆ ਗਿਆ ਹੈ।



# ਹਰਿਆਣਾ ਬੀਜੇਪੀ ਨੇ ਸਾਬਕਾ ਸੀਐਮ ਮਨੋਹਰ ਲਾਲ ਖੱਟਰ ਸਣੇ 6 ਉਮੀਦਵਾਰਾਂ ਦਾ ਕਰ ਦਿੱਤਾ ਐਲਾਨ








ਚੰਡੀਗੜ੍ਹ : ਹਰਿਆਣਾ ਬੀਜੇਪੀ ਨੇ ਸਾਬਕਾ ਸੀਐਮ ਮਨੋਹਰ ਲਾਲ ਖੱਟਰ ਸਣੇ 6 ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਹੈ। ਇਨ੍ਹਾਂ ਵਿਚ ਪਿਛਲੇ 2 ਦਿਨ ਤੋਂ ਹਰਿਆਣਾ ਦੇ ਸੀਐਮ ਅਹੁਦੇ ਅਤੇ ਵਿਧਾਨ ਸਭਾ ਦੀ ਮੈਂਬਰਸ਼ਿਪ ਤੋਂ ਅਸਤੀਫ਼ਾ ਦੇਣ ਵਾਲੇ ਮਨੋਹਰ ਲਾਲ ਖੱਟਰ ਨੂੰ ਕਰਨਾਲ ਤੋਂ ਟਿਕਟ ਦਿੱਤਾ ਗਿਆ। ਭਾਜਪਾ ਨੇ ਕਰਨਾਲ ਤੋਂ ਮੌਜੂਦਾ ਸਾਂਸਦ ਸੰਜੇ ਭਾਟੀਆ ਦੀ ਟਿਕਟ ਕੱਟ ਦਿੱਤੀ ਹੈ।

ਇਸ ਤੋਂ ਇਲਾਵਾ ਸਿਰਸਾ ਤੋਂ ਵੀ ਮੌਜੂਦਾ ਸਾਂਸਦ ਸੁਨੀਤਾ ਦੁੱਗਲ ਦੀ ਟਿਕਟ ਕੱਟੀ ਗਈ ਹੈ। ਉਨ੍ਹਾਂ ਦੀ ਜਗ੍ਹਾ ਆਪ ਤੋਂ ਭਾਜਪਾ ਵਿਚ ਆਏ ਅਸ਼ੋਕ ਤੰਵਰ ਨੂੰ ਟਿਕਟ ਦੇ ਦਿੱਤੀ ਗਈ ਹੈ।ਭਾਜਪਾ ਨੇ ਫਰੀਦਾਬਾਦ ਅਤੇ ਗੁਰੂਗਰਾਮ ਤੋਂ ਮੌਜੂਦਾ ਸਾਂਸਦ ਅਤੇ ਕੇਂਦਰੀ ਮੰਤਰੀਆਂ ਨੂੰ ਮੁੜ ਤੋਂ ਟਿਕਟ ਦਿੱਤੀ। ਇਨ੍ਹਾਂ ਵਿਚ ਗੁਰੂਗਰਾਮ ਤੋਂ ਰਾਓ ਇੰਦਰਜੀਤ ਅਤੇ ਫਰੀਦਾਬਾਦ ਤੋਂ ਕ੍ਰਿਸ਼ਣ ਪਾਲ ਗੁੱਜਰ ਸ਼ਾਮਲ ਹਨ।

ਅੰਬਾਲਾ ਤੋਂ ਸਾਬਕਾ ਸਾਂਸਦ ਰਤਨ ਲਾਲ ਕਟਾਰੀਆ ਦੀ ਪਤਨੀ ਬੰਤੋ ਕਟਾਰੀਆ ਨੂੰ ਟਿਕਟ ਦਿੱਤੀ ਗਈ। ਇਹ ਸੀਟ ਰਤਨ ਲਾਲ ਕਟਾਰੀਆ ਦੇ ਦੇਹਾਂਤ ਤੋਂ ਬਾਅਦ ਕਰੀਬ ਇੱਕ ਸਾਲ ਤੋਂ ਖਾਲੀ ਪਈ ਸੀ।ਭਿਵਾਨੀ-ਮਹਿੰਦਰਗੜ੍ਹ ਤੋਂ ਮੌਜੂਦਾ ਸਾਂਸਦ ਚੌਧਰੀ ਧਰਮਵੀਰ ਨੂੰ ਤੀਜੀ ਵਾਰ ਟਿਕਟ ਦਿੱਤੀ ਗਈ ਹੈ। ਪਿਛਲੀ 2 ਚੋਣਾਂ ਵਿਚ ਵੀ ਉਹੀ ਜਿੱਤੇ ਸੀ, 2014 ਵਿਚ ਧਰਮਬੀਰ ਕਾਂਗਰਸ ਛੱਡ ਕੇ ਭਾਜਪਾ ਵਿਚ ਸ਼ਾਮਲ ਹੋਏ ਸੀ।

ਉਧਰ, ਕੁਰੂਕਸ਼ੇਤਰ ਅਤੇ ਹਿਸਾਰ ਤੋਂ ਟਿਕਟ ਨਵੇਂ ਚਿਹਰੇ ਨੂੰ ਮਿਲਣਾ ਤੈਅ ਹੈ। ਦੱਸਿਆ ਜਾ ਰਿਹਾ ਕਿ ਰੋਹਤਕ ਅਤੇ ਸੋਨੀਪਤ ਦੀ ਸੀਟ 'ਤੇ ਟਿਕਟ ਨੂੰ ਲੈ ਕੇ ਮਾਮਲਾ ਫਸਿਆ ਹੋਇਆ ਹੈ।

## ਜੇਲ ਵਿਚੋਂ ਬਾਹਰ ਆਵੇਗਾ ਆਸਾਰਾਮ, ਮੁੰਬਈ ਵਿੱਚ ਇਲਾਜ ਕਰਵਾਉਣ ਦੀ ਮਿਲੀ ਮਨਜ਼ੂਰੀ



ਡੇਰਾ ਸਿਰਸਾ ਮੁਖੀ ਰਾਮ ਰਹੀਮ ਤੋਂ ਬਾਅਦ ਆਸਰਾਮ ਦੀਆਂ ਆਸਾਂ ਨੂੰ ਵੀ ਬੂਰ ਪੈਂਦਾ ਨਜ਼ਰ ਆ ਰਿਹਾ ਹੈ। ਦਰਅਸਲ, ਆਸਾਰਾਮ ਨੂੰ ਮੁੰਬਈ ਵਿੱਚ ਇਲਾਜ ਕਰਵਾਉਣ ਦੀ ਮਨਜ਼ੂਰੀ ਮਿਲ ਗਈ ਹੈ। ਆਸਾਰਾਮ ਨੇ ਜੋਧਪੁਰ ਹਾਈਕੋਰਟ ਵਿੱਚ ਇਲਾਜ ਲਈ ਅਰਜ਼ੀ ਲਾਈ ਸੀ, ਜਿਸ ਨੂੰ ਅਦਾਲਤ ਨੇ ਮਨਜ਼ੂਰ ਕਰ ਲਿਆ ਹੈ । ਦਰਅਸਲ, ਜੋਧਪੁਰ ਹਾਈ ਕੋਰਟ ਦੇ ਜਸਟਿਸ ਦਿਨੇਸ਼ ਮਹਿਤਾ ਤੇ ਜਸਟਿਸ ਵਿਨੀਤ ਕੁਮਾਰ ਮਾਥੁਰ ਦੀ ਬੈਂਚ ਨੇ ਇਹ ਫੈਸਲਾ ਸੁਣਾਇਆ। ਕੋਰਟ ਵਿੱਚ ਆਸਾਰਾਮ ਵੱਲੋਂ ਅਪੀਲ ਕੀਤੀ ਗਈ ਸੀ ਕਿ ਉਹ ਲੰਬੇ ਸਮੇਂ ਤੋਂ ਬਿਮਾਰ ਹੈ । ਜੇਲ੍ਹ ਵਿੱਚ ਉਸਦਾ ਇਲਾਜ ਸਹੀ ਢੰਗ ਨਾਲ ਨਹੀਂ ਹੋ ਪਾ ਰਿਹਾ ਹੈ। ਜਿਸ ਕਾਰਨ ਉਸਨੂੰ ਇਲਾਜ ਦੇ ਲਈ ਬਾਹਰ ਭੇਜਿਆ ਜਾਵੇ। ਇਸ ਅਪੀਲ 'ਤੇ ਫੈਸਲਾ ਸੁਣਾਉਂਦੇ ਹੋਤੇ ਬੈਂਚ ਨੇ ਮੁੰਬਈ ਵਿੱਚ ਆਸਾਰਾਮ ਦਾ ਇਲਾਜ ਕਰਵਾਉਣ ਦਾ ਫੈਸਲਾ ਸੁਣਾਇਆ। ਇਸ ਫੈਸਲੇ ਦੇ ਬਾਅਦ ਆਸਾਰਾਮ ਨੂੰ ਰਾਹਤ ਮਿਲੀ ਹੈ।

## ਹੁਣ ਰੇਲਵੇ ਲਾਈਨ ਰਾਹੀਂ ਇਰਾਨ ਨਾਲ ਜੁੜੇਗਾ ਰੂਸ, ਮੁੰਬਈ ਦਾ ਰਸਤਾ 10 ਦਿਨਾਂ 'ਚ ਤੈਅ ਹੋਵੇਗਾ

ਮਾਸਕੋ : ਰੂਸ-ਯੂਕਰੇਨ ਯੁੱਧ ਸ਼ੁਰੂ ਹੋਣ ਤੋਂ ਬਾਅਦ ਯੂਰਪ ਨਾਲ ਰੂਸ ਦਾ ਵਪਾਰ ਘਟਿਆ ਹੈ। ਅਜਿਹੇ 'ਚ ਮਾਸਕੋ ਨੇ ਭਾਰਤ, ਚੀਨ ਅਤੇ ਮੱਧ ਪੂਰਬ ਦੇ ਦੇਸ਼ਾਂ ਨਾਲ ਵਪਾਰ ਵਧਾ ਦਿੱਤਾ ਹੈ। ਹੁਣ ਰੂਸ ਅਜਿਹੇ ਬੁਨਿਆਦੀ ਢਾਂਚੇ 'ਤੇ ਕੰਮ ਕਰ ਰਿਹਾ ਹੈ, ਜਿਸ ਨਾਲ ਪੱਛਮੀ ਦੇਸ਼ਾਂ 'ਤੇ ਨਿਰਭਰਤਾ ਪੂਰੀ ਤਰ੍ਹਾਂ ਖਤਮ ਹੋ ਸਕੇ।

ਨਿਊਯਾਰਕ ਟਾਈਮਜ਼ ਮੁਤਾਬਕ ਇਸ ਦਾ ਸਭ ਤੋਂ ਵੱਡਾ ਹਿੱਸਾ 14 ਹਜ਼ਾਰ ਕਰੋੜ ਰੁਪਏ ਦੀ ਲਾਗਤ ਵਾਲਾ 165 ਕਿਲੋਮੀਟਰ ਲੰਬਾ ਰੇਲਵੇ ਹੈ ਜੋ ਰੂਸ ਨੂੰ ਈਰਾਨ ਦੀ ਬੰਦਰਗਾਹ ਨਾਲ ਜੋੜੇਗਾ। ਇਸ ਨਾਲ ਰੂਸ ਦੇ ਮਾਸਕੋ ਅਤੇ ਸੇਂਟ ਪੀਟਰਸਬਰਗ ਵਰਗੇ ਸ਼ਹਿਰਾਂ ਤੋਂ ਮੁੰਬਈ ਪਹੁੰਚਣਾ ਬਹੁਤ ਆਸਾਨ ਹੋ ਜਾਵੇਗਾ। ਇਸ ਪ੍ਰਾਜੈਕਟ ਲਈ ਰੂਸ ਈਰਾਨ ਨੂੰ ਕਰੀਬ 11 ਹਜ਼ਾਰ ਕਰੋੜ ਰੁਪਏ ਦਾ ਕਰਜ਼ਾ ਵੀ ਦੇ ਰਿਹਾ ਹੈ।

ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਕਿਹਾ ਕਿ ਨਵਾਂ ਰੂਟ ਸੇਂਟ ਪੀਟਰਸਬਰਗ ਤੋਂ ਮੁੰਬਈ ਤੱਕ ਕਾਰਗੋ ਲਈ ਯਾਤਰਾ ਦਾ ਸਮਾਂ 30 ਤੋਂ ਘਟਾ ਕੇ ਸਿਰਫ 10 ਦਿਨ ਕਰ ਦੇਵੇਗਾ। ਰੂਸੀ ਅਧਿਕਾਰੀ ਇਸ ਨੂੰ ਕ੍ਰਾਂਤੀਕਾਰੀ ਪ੍ਰੋਜੈਕਟ ਦੱਸ ਰਹੇ ਹਨ ਜੋ ਸੁਏਜ਼ ਨਹਿਰ ਨੂੰ ਚੁਣੌਤੀ ਦੇਵੇਗਾ।

ਨਵੀਂ ਰੇਲਵੇ ਲਾਈਨ ਇਰਾਨ ਦੇ ਦੋ ਸ਼ਹਿਰਾਂ ਅਸਤਾਰਾ ਅਤੇ ਰਾਸ਼ਟ ਨੂੰ ਜੋੜ ਦੇਵੇਗੀ। ਇਹ ਰੂਸ ਦੇ ਰੇਲਵੇ ਗਰਿੱਡ ਵਿੱਚ ਸ਼ਾਮਲ ਹੋ ਜਾਵੇਗਾ, ਉੱਤਰ ਵਿੱਚ ਇਰਾਨ



ਅਤੇ ਅਜ਼ਰਬਾਈਜਾਨ ਵਿੱਚ ਟਰੈਕਾਂ ਨੂੰ ਜੋੜਦਾ ਹੈ। ਇਹ ਰੇਲਵੇ ਲਿੰਕ 2028 ਤੱਕ ਪੂਰਾ ਹੋਣ ਦੀ ਉਮੀਦ ਹੈ। ਇਹ ਰੇਲਵੇ 7200 ਕਿਲੋਮੀਟਰ ਅੰਤਰਰਾਸ਼ਟਰੀ ਉੱਤਰ-ਦੱਖਣੀ ਟਰਾਂਸਪੋਰਟ ਕੋਰੀਡੋਰ ਦਾ ਹਿੱਸਾ ਹੈ।

# ਰੂਸ ਦਾ ਵੱਡਾ ਦਾਅਵਾ, ਯੂਕਰੇਨ ਦੇ ਹਮਲੇ ਨੂੰ ਕੀਤਾ ਨਾਕਾਮ, 234 ਲੜਾਕੇ ਮਾਰੇ

ਕੀਵ : ਰੂਸ ਅਤੇ ਯੂਕਰੇਨ ਵਿਚਕਾਰ ਜੰਗ ਖਤਮ ਨਹੀਂ ਹੋ ਰਹੀ ਹੈ। ਰੂਸ ਅਤੇ ਯੂਕਰੇਨ ਦੋਵੇਂ ਇੱਕ ਦੂਜੇ 'ਤੇ ਹਮਲੇ ਕਰ ਰਹੇ ਹਨ। ਯੂਕਰੇਨ ਵੀ ਰੂਸ ਦੇ ਖਿਲਾਫ ਲਗਾਤਾਰ ਜਵਾਬੀ ਕਾਰਵਾਈ ਕਰ ਰਿਹਾ ਹੈ। ਪੱਛਮੀ ਦੇਸ਼ਾਂ ਤੋਂ ਮਿਲ ਰਹੀ ਮਦਦ ਨਾਲ ਯੂਕਰੇਨ ਵੀ ਹਮਲਾਵਰ ਰੁਖ ਅਪਨਾ ਰਿਹਾ ਹੈ। ਜੰਗ ਦੇ ਵਿਚਕਾਰ ਰੂਸ ਨੇ ਵੱਡਾ ਦਾਅਵਾ ਕੀਤਾ ਹੈ। ਰੂਸ ਨੇ ਕਿਹਾ ਹੈ ਕਿ ਉਸ ਨੇ ਯੂਕਰੇਨ ਦੇ ਵੱਡੇ ਹਮਲੇ ਨੂੰ ਨਾਕਾਮ ਕਰ ਦਿੱਤਾ ਹੈ। 234 ਯੂਕਰੇਨੀ ਲੜਾਕਿਆਂ ਨੂੰ ਵੀ ਮਾਰ ਦਿੱਤਾ।ਰੂਸ ਦੇ ਰੱਖਿਆ ਮੰਤਰਾਲੇ ਨੇ ਮੰਗਲਵਾਰ ਰਾਤ ਨੂੰ ਕਿਹਾ ਕਿ ਉਸਦੀ ਸੈਨਾ ਅਤੇ



ਸੁਰੱਖਿਆ ਬਲਾਂ ਨੇ ਰੂਸ ਦੇ ਸਰਹੱਦੀ ਖੇਤਰ ਵਿੱਚ ਇੱਕ ਹਮਲੇ ਨੂੰ ਨਾਕਾਮ ਕਰ ਦਿੱਤਾ ਅਤੇ 234 ਲੜਾਕਿਆਂ ਨੂੰ ਮਾਰ ਦਿੱਤਾ। ਇੱਕ ਬਿਆਨ ਵਿੱਚ, ਮੰਤਰਾਲੇ ਨੇ ਹਮਲੇ ਲਈ ਕੀਵ ਸ਼ਾਸਨ ਅਤੇ ਯੂਕਰੇਨ ਦੇ ਅੱਤਵਾਦੀ ਸੰਗਠਨਾਂ ਨੂੰ ਜ਼ਿੰਮੇਵਾਰ ਠਹਿਰਾਇਆ।

# ਪ੍ਰਨੀਤ ਕੌਰ ਨੇ ਫੜ੍ਹਿਆ ਭਾਜਪਾ ਦਾ ਪੱਲਾ, ਪਟਿਆਲਾ ਤੋਂ ਲੜ ਸਕਦੇ ਨੇ ਚੋਣ!



ਲੋਕ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਕਾਂਗਰਸ ਨੂੰ ਵੱਡਾ ਝਟਕਾ ਲੱਗਿਆ ਹੈ। ਪਟਿਆਲਾ ਲੋਕ ਸਭਾ ਹਲਕੇ ਤੋਂ ਕਾਂਗਰਸ ਦੀ ਸੰਸਦ ਮੈਂਬਰ ਅਤੇ ਕੈਪਟਨ ਅਮਰਿੰਦਰ ਸਿੰਘ ਦੀ ਪਤਨੀ ਪ੍ਰਨੀਤ ਕੌਰ ਭਾਜਪਾ ਵਿੱਚ ਸ਼ਾਮਿਲ ਹੋ ਗਏ ਹਨ। ਦੱਸ ਦੇਈਏ ਕਿ ਲੰਬੇ ਸਮੇਂ ਤੋਂ ਉਨ੍ਹਾਂ ਦੇ ਭਾਜਪਾ ਵਿੱਚ ਸ਼ਾਮਿਲ ਹੋਣ ਦੇ ਕਿਆਸ ਲਗਾਏ ਜਾ ਰਹੇ ਸਨ।

ਇਸ ਤੋਂ ਪਹਿਲਾਂ ਕੈਪਟਨ ਅਮਰਿੰਦਰ ਸਿੰਘ ਆਪਣੇ ਪੁੱਤਰ ਰਣਇੰਦਰ ਸਿੰਘ ਅਤੇ ਧੀ ਜੈ ਇੰਦਰ ਕੌਰ ਦੇ ਨਾਲ ਸਤੰਬਰ 2022 ਵਿੱਚ ਭਾਜਪਾ ਵਿੱਚ ਸ਼ਾਮਿਲ ਹੋ ਗਏ ਸਨ। ਦੱਸ ਦੇਈਏ ਕਿ ਪ੍ਰਨੀਤ ਕੌਰ ਪਿਛਲੇ 25 ਸਾਲਾਂ ਤੋਂ ਪਟਿਆਲਾ ਲੋਕ ਸਭਾ ਸੀਟ ਤੋਂ ਚੋਣਾਂ ਲੜਦੀ ਆ ਰਹੀ ਹੈ। ਹੁਣ ਭਾਜਪਾ ਵੀ ਪ੍ਰਨੀਤ ਕੌਰ ਨੂੰ ਇਸੇ ਸੀਟ ਤੋਂ ਚੋਣ ਮੈਦਾਨ ਵਿੱਚ ਉਤਾਰ ਸਕਦੀ ਹੈ।

# ਸ਼ੁਭਕਰਨ ਦੀਆਂ ਅਸਥੀਆਂ ਲੈ ਕੇ ਸ਼ੰਭੂ ਬਾਰਡਰ 'ਤੇ ਪਹੁੰਚਣਗੇ ਕਿਸਾਨ



ਬਠਿੰਡਾ : ਕਿਸਾਨ ਅੰਦੋਲਨ ਦੌਰਾਨ 21 ਫਰਵਰੀ ਨੂੰ ਖਨੌਰੀ ਸਰਹੱਦ 'ਤੇ ਗੋਲੀ ਲੱਗਣ ਨਾਲ ਮਾਰੇ ਗਏ ਨੌਜਵਾਨ ਕਿਸਾਨ ਸ਼ੁਭਕਰਨ ਦੀ ਮੌਤ ਤੋਂ ਬਾਅਦ ਅੱਜ ਕਿਸਾਨ ਆਗੂਆਂ ਨੇ ਅਸਥੀਆਂ ਇਕੱਠੀਆਂ ਕੀਤੀਆਂ। ਯੂਨਾਈਟਿਡ ਕਿਸਾਨ ਮੋਰਚਾ (ਗੈਰ-ਸਿਆਸੀ) ਅਤੇ ਕਿਸਾਨ-ਮਜ਼ਦੂਰ ਮੋਰਚਾ ਦੇ ਕਿਸਾਨ ਆਗੂ ਸ਼ੁੱਕਰਵਾਰ ਨੂੰ ਬਠਿੰਡਾ ਦੇ ਪਿੰਡ ਬੱਲੋ ਪਹੁੰਚੇ। ਇਸ ਮੌਕੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਤੇ ਸਰਵਣ ਸਿੰਘ ਪੰਧੇਰ ਤੋਂ ਇਲਾਵਾ ਹੋਰ ਕਿਸਾਨ ਆਗੂ ਵੀ ਹਾਜ਼ਰ ਸਨ। ਕਿਸਾਨਾਂ ਨੇ ਐਲਾਨ ਕੀਤਾ ਕਿ ਕੱਲ੍ਹ ਯਾਨੀ 16 ਮਾਰਚ ਨੂੰ ਕਿਸਾਨ ਸ਼ੁਭਕਰਨ ਦੀਆਂ ਅਸਥੀਆਂ ਲੈ ਕੇ ਸ਼ੰਭੂ ਬਾਰਡਰ 'ਤੇ ਪਹੁੰਚਣਗੇ। ਇੱਥੋਂ ਕਲਸ਼ ਯਾਤਰਾ ਕੱਢ ਕੇ ਲਾਂਡਰਾ, ਮੋਹਾਲੀ, ਸਾਕੇਤਦੀ (ਪੰਚਕੂਲਾ) ਪਹੁੰਚਾਂਗੇ। ਇਸ ਤੋਂ ਬਾਅਦ 17-18 ਮਾਰਚ ਨੂੰ ਪੰਚਕੂਲਾ, 2 ਦਿਨ ਯਮੁਨਾਨਗਰ, ਕੁਰੂਕਸ਼ੇਤਰ, ਕਰਨਾਲ, ਕੈਥਲ ਅਤੇ ਫਿਰ 3 ਦਿਨ ਅੰਬਾਲਾ ਜ਼ਿਲ੍ਹੇ ਵਿੱਚ ਕਲਸ਼ ਯਾਤਰਾ ਕੱਢੀ ਜਾਵੇਗੀ।

# ਨਵੇਂ ਨਾਨਕਸ਼ਾਹੀ ਵਰ੍ਹੇ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਗੁਰਮਤਿ ਸਮਾਗਮ

ਸ਼੍ਰੋਮਣੀ ਕਮੇਟੀ ਵੱਲੋਂ ਨਾਨਕਸ਼ਾਹੀ ਕੈਲੰਡਰ ਮੁਤਾਬਕ ਨਵੇਂ ਵਰ੍ਹੇ ਸੰਮਤ 556 ਦੀ ਆਮਦ 'ਤੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਬੰਧ ਵਿੱਚ ਅੱਜ ਸ੍ਰੀ ਅਖੰਡ ਪਾਠ ਦੇ ਭੋਗ ਪਾਏ ਗਏ। ਵੱਡੀ ਗਿਣਤੀ ਸ਼ਰਧਾਲੂਆਂ ਨੇ ਨਵੇਂ ਵਰ੍ਹੇ ਦੀ ਸ਼ੁਰੂਆਤ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਕੀਤੀ। ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨੇ ਸੰਗਤ ਨੂੰ ਨਾਨਕਸ਼ਾਹੀ ਵਰ੍ਹੇ 556 ਦੀ ਵਧਾਈ ਦਿੱਤੀ ਅਤੇ ਗੁਰਮਤਿ ਅਨੁਸਾਰ ਜੀਵਨ ਜਿਊਣ ਦੀ ਪ੍ਰੇਰਣਾ ਦਿੱਤੀ। ਉਨ੍ਹਾਂ ਸਿੱਖ ਕੌਮ ਨੂੰ ਨਾਨਕਸ਼ਾਹੀ ਕੈਲੰਡਰ ਅਨੁਸਾਰ ਹੀ ਦਿਨ ਮਨਾਉਣ ਦੀ ਅਪੀਲ ਕੀਤੀ। ਇਸੇ ਦੌਰਾਨ ਗਿਆਨੀ ਗੁਰਮਿੰਦਰ ਸਿੰਘ ਨੇ ਸੰਗਤ ਨੂੰ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਣਾ ਕੀਤੀ। ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਧੰਗੇੜਾ ਨੇ ਦੱਸਿਆ ਕਿ ਆਮ ਦਿਨਾਂ ਨਾਲੋਂ ਵਧੇਰੇ ਗਿਣਤੀ ਸੰਗਤ ਅੱਜ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜੀ। ਸ਼ਰਧਾਲੂਆਂ ਨੇ ਸਰੋਵਰ ਵਿੱਚ ਇਸ਼ਨਾਨ ਕੀਤਾ। ਉਨ੍ਹਾਂ ਦੱਸਿਆ ਕਿ ਰਾਤ ਵੇਲੇ ਨਵੇਂ ਵਰ੍ਹੇ ਦੇ ਨਾਨਕਸ਼ਾਹੀ ਕੈਲੰਡਰ ਸੰਗਤ ਨੂੰ ਵੰਡੇ ਗਏ ਸਨ।

# ਨਵਜੋਤ ਸਿੰਘ ਸਿੱਧੂ ਨਹੀਂ ਲੜਨਗੇ ਲੋਕ ਸਭਾ ਚੋਣ



ਚੰਡੀਗੜ੍ਹ : ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਅਤੇ ਸਾਬਕਾ ਪ੍ਰਧਾਨ ਨਵਜੋਤ ਸਿੰਘ ਸਿੱਧੂ ਨੇ ਸਪੱਸ਼ਟ ਕੀਤਾ ਹੈ ਕਿ ਉਹ ਲੋਕ ਸਭਾ ਚੋਣ ਨਹੀਂ ਲੜਨਗੇ। ਚੰਡੀਗੜ੍ਹ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਉਹ ਇਸ ਸਵਾਲ ਦਾ ਜਵਾਬ 200 ਵਾਰ ਦੇ ਚੁੱਕੇ ਹਨ। ਉਨ੍ਹਾਂ ਕਿਹਾ ਕਿ ਜੇਕਰ ਮੈਂ ਚੋਣ ਲੜਨੀ ਹੁੰਦੀ ਤਾਂ ਉਹ ਕੁਰੂਕਸ਼ੇਤਰ ਤੋਂ ਚੋਣ ਲੜਦੇ ਅਤੇ ਅੱਜ ਮੰਤਰੀ ਹੁੰਦੇ। ਇਸ ਤੋਂ ਪਹਿਲਾਂ ਸਿੱਧੂ ਨੇ ਰਾਜਪਾਲ ਪੁਰੋਹਿਤ ਨਾਲ ਮੁਲਾਕਾਤ ਕਰਕੇ ਪੰਜਾਬ ਵਿੱਚ ਹੋਏ ਘੁਟਾਲਿਆਂ ਦੀ ਸੀਬੀਆਈ ਜਾਂਚ ਦੀ ਮੰਗ ਕੀਤੀ ਸੀ। ਬਜਟ ਦੇ ਆਡਿਟ ਦੀ ਮੰਗ ਵੀ ਕੀਤੀ।

ਨਵਜੋਤ ਸਿੱਧੂ ਨੇ ਕਿਹਾ ਕਿ ਟਿਕਟ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ। ਮੈਂ ਲੋਕ ਸਭਾ ਵਿਚ ਵੀ ਨਹੀਂ ਗਿਆ। ਮੈਂ ਰਾਜ ਸਭਾ ਛੱਡ ਕੇ ਚਾਰ-ਪੰਜ ਸਾਲ ਹੋ ਗਏ ਹਾਂ। ਉਨ੍ਹਾਂ ਕਿਹਾ ਕਿ ਇਕ ਅਜਿਹਾ ਵਿਅਕਤੀ ਹੈ ਜਿਸ ਨੇ ਮੰਤਰਾਲਾ ਛੱਡ ਦਿੱਤਾ ਹੈ। ਪ੍ਰਧਾਨ ਮੰਤਰੀ ਮਨਮੋਹਨ ਦੇ ਸਮੇਂ ਦੌਰਾਨ ਉਹ ਤਿੰਨ ਵਾਰ ਚੋਣਾਂ ਜਿੱਤ ਚੁੱਕੇ ਹਨ। ਜਦੋਂ ਮੋਦੀ ਲਹਿਰ ਆਈ ਤਾਂ ਗਧੇ ਵੀ ਚੋਣ ਜਿੱਤ ਗਏ।

# ਪੰਜਾਬ ਸਰਕਾਰ ਨੇ ਬਾਲ ਮੁਕੰਦ ਸ਼ਰਮਾ ਨੂੰ ਬਣਾਇਆ ਫੂਡ ਕਮਿਸ਼ਨਰ



ਪੰਜਾਬ ਸਰਕਾਰ ਨੇ ਬਾਲ ਮੁਕੰਦ ਸ਼ਰਮਾ ਨੂੰ ਵੱਡੀ ਜ਼ਿੰਮੇਵਾਰੀ ਸੌਂਪੀ ਹੈ। ਸੀ.ਐਮ. ਭਗਵੰਤ ਮਾਨ ਨੇ ਵੱਡਾ ਫੈਸਲਾ ਲੈਂਦੇ ਹੋਏ ਬਾਲ ਮੁਕੰਦ ਸ਼ਰਮਾ ਨੂੰ ਨਵਾਂ ਫੂਡ ਕਮਿਸ਼ਨਰ ਨਿਯੁਕਤ ਕੀਤਾ ਹੈ। ਇਹ ਫੈਸਲਾ ਚੋਣ ਜ਼ਾਬਤਾ ਲਾਗੂ ਹੋਣ ਤੋਂ ਇੱਕ ਦਿਨ ਪਹਿਲਾਂ ਲਿਆ ਗਿਆ।

ਤੁਹਾਨੂੰ ਦੱਸ ਦੇਈਏ ਕਿ ਬਾਲ ਮੁਕੰਦ ਸ਼ਰਮਾ ਜੋ ਕਿ ਮਾਰਕਫੈੱਡ ਵਿੱਚ ਲੰਬੇ ਸਮੇਂ ਤੱਕ ਕੰਮ ਕਰ ਚੁੱਕੇ ਹਨ ਅਤੇ ਹੁਣ ਸੀ.ਐਮ. ਮਾਨ ਨੇ ਉਨ੍ਹਾਂ ਨੂੰ ਨਵਾਂ ਫੂਡ ਕਮਿਸ਼ਨਰ ਨਿਯੁਕਤ ਕੀਤਾ ਹੈ, ਜਿੱਥੇ ਉਹ ਹੁਣ ਸੇਵਾਵਾਂ ਨਿਭਾਉਣਗੇ।

ਡੀਪੀ ਰੈਡੀ ਦੀ ਸੇਵਾਮੁਕਤੀ ਤੋਂ ਬਾਅਦ ਇਹ ਅਹੁਦਾ ਖਾਲੀ ਪਿਆ ਸੀ। 1985 ਬੈਚ ਦੇ ਆਈਏਐਸ ਅਧਿਕਾਰੀ ਡੀਪੀ ਰੈਡੀ ਨੂੰ ਪਿਛਲੀ ਸਰਕਾਰ ਦੌਰਾਨ ਫੂਡ ਕਮਿਸ਼ਨਰ ਨਿਯੁਕਤ ਕੀਤਾ ਗਿਆ ਸੀ। ਉਨ੍ਹਾਂ ਦੀ ਸੇਵਾਮੁਕਤੀ ਤੋਂ ਬਾਅਦ ਹੁਣ ਬਾਲ ਮੁਕੰਦ ਸ਼ਰਮਾ ਨੂੰ ਇਸ ਅਹੁਦੇ 'ਤੇ ਨਿਯੁਕਤ ਕੀਤਾ ਗਿਆ ਹੈ।

# ਕਾਂਗਰਸੀ ਵਿਧਾਇਕ ਦਲ ਦੇ ਉਪ ਨੇਤਾ ਚੱਬੇਵਾਲ ਨੇ ਕਾਂਗਰਸ ਅਤੇ ਵਿਧਾਇਕ ਅਹੁਦੇ ਤੋਂ ਦਿੱਤਾ ਅਸਤੀਫ਼ਾ

ਚੰਡੀਗੜ੍ਹ ਪੰਜਾਬ ਵਿਚ ਕਾਂਗਰਸ ਨੂੰ ਵੱਡਾ ਝਟਕਾ ਲੱਗਾ ਹੈ। ਕਾਂਗਰਸੀ ਵਿਧਾਇਕ ਦਲ ਦੇ ਉਪ ਨੇਤਾ ਅਤੇ ਚੱਬੇਵਾਲ ਵਿਧਾਇਕ ਡਾ. ਰਾਜ ਕੁਮਾਰ ਨੇ ਪਾਰਟੀ ਅਤੇ ਵਿਧਾਇਕ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਹੈ।

ਕਾਂਗਰਸੀ ਟਿਕਟ 'ਤੇ ਦੋ ਵਾਰ ਵਿਧਾਇਕ ਚੁਣੇ ਗਏ ਡਾ. ਰਾਜ ਕੁਮਾਰ ਆਪ ਦੇ ਉਮੀਦਵਾਰ ਐਲਾਨੇ ਜਾ ਸਕਦੇ ਹਨ। 10 ਦਿਨ ਪਹਿਲਾਂ ਉਹ ਆਪ



ਸਰਕਾਰ ਦੇ ਲਈ ਕਰਜ਼ੇ ਦੀ ਪੰਡ ਲੈ ਕੇ ਵਿਧਾਨ ਸਭਾ ਪਹੁੰਚ ਗਏ ਸੀ।

ਲੋਕ ਸਭਾ ਚੋਣਾਂ ਤੋਂ ਪਹਿਲਾਂ ਕਾਂਗਰਸ ਛੱਡ ਕੇ ਆਪ ਵਿਚ ਜਾਣ ਵਾਲੇ ਇਹ ਤੀਜੇ ਕਾਂਗਰਸੀ ਨੇਤਾ ਹੋਣਗੇ। ਇਸ ਤੋਂ ਪਹਿਲਾਂ ਗੁਰਪ੍ਰੀਤ ਜੀਪੀ ਅਤੇ ਸਾਂਸਦ ਪਰਨੀਤ ਕੌਰ ਕਾਂਗਰਸ ਛੱਡ ਚੁੱਕੇ ਹਨ। ਜੀਪੀ ਨੂੰ ਫਤਿਹਗੜ੍ਹ ਸਾਹਿਬ ਤੋਂ ਉਮੀਦਵਾਰ ਵੀ ਐਲਾਨ ਕੀਤਾ ਜਾ ਚੁੱਕਾ ਹੈ।

# ਨਰਿੰਦਰ ਮੋਦੀ ਲੋਕਪ੍ਰਿਯ ਨੇਤਾ, ਫਿਰ ਬਣਨਗੇ ਦੇਸ਼ ਦੇ ਪ੍ਰਧਾਨ ਮੰਤਰੀ : ਰਿਚ ਮੈਕਕਾਰਮਿਕ

ਅਮਰੀਕਾ ਵਿਚ ਰਿਪਬਲਿਕਨ ਸਾਂਸਦ ਰਿਚ ਮੈਕਕਾਰਮਿਕ ਨੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇਕ ਲੋਕਪ੍ਰਿਯ ਨੇਤਾ ਕਰਾਰ ਦਿੰਦੇ ਹੋਏ ਵਿਸ਼ਵਾਸ ਪ੍ਰਗਟਾਇਆ ਹੈ ਕਿ ਉਹ ਆਗਾਮੀ ਲੋਕ ਸਭਾ ਚੋਣਾਂ ਵਿਚ ਫਿਰ ਤੋਂ ਜਿੱਤ ਹਾਸਲ ਕਰਨਗੇ। ਉਨ੍ਹਾਂ ਕਿਹਾ ਕਿ ਪੀਐੱਮ ਮੋਦੀ ਬਹੁਤ ਲੋਕਪ੍ਰਿਯ ਨੇਤਾ ਹਨ। ਉਨ੍ਹਾਂ ਕਿਹਾ ਕਿ ਮੈਂ ਪੀਐੱਮ ਮੋਦੀ ਤੇ ਹੋਰ ਕਈ ਕਾਂਗਰਸੀਆਂ ਨਾਲ ਲੰਚ ਕੀਤਾ ਸੀ ਤੇ ਪਾਰਟੀ ਲਾਈਨਾਂ ਤੋਂ ਪਰੇ ਉਨ੍ਹਾਂ ਦੀ ਲੋਕਪ੍ਰਿਯਤਾ ਦੇਖੀ। ਮੈਨੂੰ ਲੱਗਦਾ ਹੈ ਕਿ ਉਨ੍ਹਾਂ ਦੀ ਲੋਕਪ੍ਰਿਯਤਾ 70 ਫੀਸਦੀ ਹੈ। ਉਹ ਫਿਰ ਤੋਂ ਦੇਸ਼ ਦੇ ਪ੍ਰਧਾਨ ਮੰਤਰੀ ਬਣਨਗੇ। ਇਕ ਇੰਟਰਵਿਊ ਦੌਰਾਨ ਅਮਰੀਕੀ ਸਾਂਸਦ ਨੇ ਇਕ ਸਵਾਲ ਦੇ ਜਵਾਬ ਵਿਚ ਕਿਹਾ ਕਿ ਅਰਥਵਿਵਸਥਾ, ਵਿਕਾਸ ਸਾਰੇ ਲੋਕਾਂ ਪ੍ਰਤੀ ਸਦਭਾਵਨਾ ਉਨ੍ਹਾਂ ਦੇ ਰਣਨੀਤਕ ਸਬੰਧਾਂ ਨੂੰ ਪ੍ਰਭਾਵਿਤ ਕਰਨ ਜਾ ਰਿਹਾ ਹੈ। ਮੈਂ ਬਹੁਤ ਹੀ ਸਕਾਰਾਤਮਕ



ਤਰੀਕੇ ਨਾਲ ਉਨ੍ਹਾਂ ਦੇ ਪ੍ਰਭਾਵ ਦੀ ਉਮੀਦ ਕਰਦਾ ਹਾਂ। ਉਨ੍ਹਾਂ ਕਿਹਾ ਕਿ ਮੋਦੀ ਦੀ ਅਗਵਾਈ ਵਿਚ ਭਾਰਤ ਦੀ ਅਰਥਵਿਵਸਥਾ ਹਰ ਸਾਲ 4 ਤੋਂ 8 ਫੀਸਦੀ ਤੱਕ ਵਧ ਰਹੀ ਹੈ। ਉਨ੍ਹਾਂ ਨੇ ਚੀਨ ਵੱਲੋਂ ਕੀਤੀਆਂ ਕੁਝ ਚੀਜ਼ਾਂ ਦੀ ਇਕ ਤਰ੍ਹਾਂ ਤੋਂ ਨਕਲ ਕੀਤੀ ਹੈ। ਉਨ੍ਹਾਂ ਕਿਹਾ ਕਿ ਅੱਗੇ ਵਧਣ 'ਤੇ ਉਨ੍ਹਾਂ ਨੂੰ ਬਹੁਤ ਫਾਇਦਾ ਮਿਲੇਗਾ ਕਿਉਂਕਿ ਬਿਜ਼ਨੈੱਸ ਭਾਰਤ ਵਿਚ ਇਕ ਵਿਸਤਾਰਿਤ ਬਾਜ਼ਾਰ ਵਿਚ ਪ੍ਰਵੇਸ਼ ਕਰਨਾ ਚਾਹੁੰਦੇ ਹਨ।

## ਗੈਰਕਾਨੂੰਨੀ ਢੰਗ ਨਾਲ ਅਮਰੀਕਾ 'ਚ ਦਾਖਲ ਹੁੰਦੇ ਤਿੰਨ ਭਾਰਤੀਆਂ ਸਣੇ ਚਾਰ ਗ੍ਰਿਫ਼ਤਾਰ




ਵਾਸ਼ਿੰਗਟਨ: ਅਮਰੀਕਾ 'ਚ ਗੈਰਕਾਨੂੰਨੀ ਢੰਗ ਨਾਲ ਦਾਖਲ ਹੋਣ ਦੀ ਕੋਸ਼ਿਸ਼ ਕਰ ਰਹੇ ਘੱਟ ਤੋਂ ਘੱਟ ਤਿੰਨ ਭਾਰਤੀਆਂ ਸਮੇਤ ਚਾਰ ਜਣਿਆਂ ਨੂੰ ਕੈਨੇਡਾ ਨਾਲ ਲਗਦੀ ਇੱਕ ਥਾਂ ਤੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ।ਅਮਰੀਕੀ ਸਰਹੱਦੀ ਗਸ਼ਤ ਟੀਮ ਨੇ ਇੱਕ ਮਹਿਲਾ ਸਣੇ ਚਾਰ ਜਣਿਆਂ ਨੂੰ ਉਸ ਸਮੇਂ ਗ੍ਰਿਫ਼ਤਾਰ ਕੀਤਾ ਜਦੋਂ ਉਨ੍ਹਾਂ ਬੁਫੈਲੋ ਸ਼ਹਿਰ 'ਚ ਕੌਮਾਂਤਰੀ ਰੇਲ ਮਾਰਗ ਪੁਲ 'ਤੇ ਚਲਦੀ ਮਾਲ ਗੱਡੀ ਤੋਂ ਛਾਲ ਮਾਰ ਦਿੱਤੀ। ਚੌਥਾ ਵਿਅਕਤੀ ਡੋਮਿਨਿਕਨ ਗਣਰਾਜ ਦਾ ਨਾਗਰਿਕ ਹੈ। ਪੁਲੀਸ ਦੇ ਨੇੜੇ ਆਉਂਦੇ ਹੀ ਪੁਰਸ਼ਾਂ ਨੇ ਉਸ ਮਹਿਲਾ ਨੂੰ ਛੱਡ ਦਿੱਤਾ ਜੋ ਜ਼ਖ਼ਮੀ ਹੋ ਗਈ ਸੀ ਅਤੇ ਉਹ ਫਰਾਰ ਹੋ ਗਏ ਪਰ ਪੁਲੀਸ ਨੇ ਪੁਰਸ਼ਾਂ ਦਾ ਪਿੱਛਾ ਕਰਕੇ ਉਨ੍ਹਾਂ ਨੂੰ ਫੜ ਲਿਆ।

## ਕਿਰਾਏ ਦੇ ਮਕਾਨ ਵਿਚ ਰਹਿਣ ਵਾਲੀ ਔਰਤ ਦੀ ਨਿਕਲੀ 1 ਅਰਬ 10 ਕਰੋੜ ਰੁਪਏ ਦੀ ਲਾਟਰੀ

ਹਰ ਕੋਈ ਬਹੁਤ ਸਾਰਾ ਪੈਸਾ ਕਮਾਉਣਾ ਅਤੇ ਅਮੀਰ ਬਣਨਾ ਚਾਹੁੰਦਾ ਹੈ। ਦੁਨੀਆ ਵਿੱਚ ਬਹੁਤ ਸਾਰੇ ਲੋਕ ਅਜਿਹੇ ਹਨ ਜੋ ਆਪਣੀ ਮਿਹਨਤ ਨਾਲ ਬਹੁਤ ਸਾਰਾ ਪੈਸਾ ਕਮਾਉਂਦੇ ਹਨ। ਹਾਲਾਂਕਿ ਕਈ ਲੋਕ ਅਜਿਹੇ ਹਨ ਜਿਨ੍ਹਾਂ ਦੀ ਕਿਸਮਤ ਰਾਤੋ-ਰਾਤ ਬਦਲ ਜਾਂਦੀ ਹੈ ਅਤੇ ਉਹ ਕਰੋੜਾਂ ਰੁਪਏ ਦੇ ਮਾਲਕ ਬਣ ਜਾਂਦੇ ਹਨ। ਹੁਣ ਇਸੇ ਤਰ੍ਹਾਂ ਦੀ ਇੱਕ ਹੋਰ ਖਬਰ ਕੈਨੇਡਾ ਤੋਂ ਸਾਹਮਣੇ ਆਈ ਹੈ। ਜਿਥੇ ਇਕ ਔਰਤ ਦੀ 1 ਅਰਬ 10 ਕਰੋੜ ਰੁਪਏ ਦੀ ਲਾਟਰੀ ਨਿਕਲੀ ਹੈ। ਮਿਲੀ ਜਾਣਕਾਰੀ ਅਨੁਸਾਰ ਕੈਨੇਡਾ ਦੇ ਬ੍ਰਿਟਿਸ਼ ਕੋਲੰਬੀਆ ਸੂਬੇ 'ਚ ਉੱਤਰੀ ਪੈਸੇਫਿਕ ਸਮੁੰਦਰ ਕਿਨਾਰੇ ਵਸੇ ਸ਼ਹਿਰ ਯੂਕੂਈਲਟ ਨਿਵਾਸੀ ਪਰਿਵਾਰ ਸਮੇਤ ਕਿਰਾਏ ਦੇ ਮਕਾਨ 'ਚ ਰਹਿ ਰਹੀ ਅੰਗਰੇਜ਼ਣ ਸ਼ਰਨ ਫਰੇਜ਼ਰ ਦੀ 18 ਮਿਲੀਅਨ ਡਾਲਰ ਭਾਵ 1 ਅਰਬ 10 ਕਰੋੜ ਰੁਪਏ ਦੀ ਲਾਟਰੀ




ਨਿਕਲੀ ਹੈ।ਸ਼ਰਨ ਨੇ ਬ੍ਰਿਟਿਸ਼ ਕੋਲੰਬੀਆ ਲਾਟਰੀ ਕਾਰਪੋਰੇਸ਼ਨ ਦੀ ਲੋਟੋ ਮੈਕਸ ਲਾਟਰੀ ਖਰੀਦੀ ਸੀ, ਜਦੋਂ ਉਹ ਆਪਣੇ ਪਤੀ ਤੇ ਪੁੱਤਰ ਨਾਲ ਸਵੇਰ ਦਾ ਨਾਸ਼ਤਾ ਕਰ ਰਹੀ ਸੀ ਤਾਂ ਉਸ ਨੇ ਆਪਣੀ ਲਾਟਰੀ ਟਿਕਟ ਆਨਲਾਈਨ ਚੈੱਕ ਕੀਤੀ ਤਾਂ ਉਸ ਦੇ ਪਤੀ ਤੇ ਪੁੱਤਰ ਨੂੰ ਵਿਸ਼ਵਾਸ ਨਹੀਂ ਹੋਇਆ ਕਿ ਉਹ ਇੰਨੀ ਵੱਡੀ ਰਕਮ ਜਿੱਤ ਲਈ ਹੈ। ਸ਼ਰਨ ਫਰੇਜ਼ਰ ਦਾ ਕਹਿਣਾ ਹੈ ਕਿ ਉਹ ਲਾਟਰੀ ਦੀ ਜਿੱਤੀ ਰਕਮ ਨਾਲ ਨਵੀਂ ਕਾਰ ਤੇ ਘਰ ਖਰੀਦੇਗੀ।

## ਟਰੰਪ ਖ਼ਿਲਾਫ਼ ਗੁਪਤ ਫਾਈਲ ਕੇਸ ਰੱਦ ਕਰਨੋਂ ਅਦਾਲਤ ਨੇ ਕੀਤੀ ਨਾਂਹ, ਵ੍ਹਾਈਟ ਹਾਊਸ ਛੱਡਦੇ ਸਮੇਂ ਫਾਈਲਾਂ ਨੂੰ ਘਰ ਲਿਜਾਣ ਦਾ ਹੈ ਦੋਸ਼

ਵਾਸ਼ਿੰਗਟਨ : ਅਮਰੀਕੀ ਅਦਾਲਤ ਨੇ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਉਸ ਅਪੀਲ ਨੂੰ ਮੰਨਣੋਂ ਨਾਂਹ ਕਰ ਦਿੱਤੀ ਹੈ ਕਿ ਨਾਜਾਇਜ਼ ਤੌਰ 'ਤੇ ਗੁਪਤ ਫਾਈਲਾਂ ਰੱਖਣ ਦੇ ਮਾਮਲੇ 'ਚ ਅਪਰਾਧਕ ਮੁਕੱਦਮਾ ਰੱਦ ਕਰ ਦਿੱਤਾ ਜਾਵੇ। ਟਰੰਪ ਦਾ ਦੋਸ਼ ਹੈ ਕਿ ਉਹ 2021 'ਚ ਵ੍ਹਾਈਟ ਹਾਊਸ ਛੱਡਦੇ ਸਮੇਂ ਆਪਣੇ ਨਾਲ ਮਹੱਤਵਪੂਰਨ ਗੁਪਤ ਫਾਈਲਾਂ ਵੀ ਘਰ ਲੈ ਗਏ ਸਨ ਜਿਸ ਨੂੰ ਸੰਘੀ ਏਜੰਸੀਆਂ ਨੇ ਬਾਅਦ 'ਚ ਉਨ੍ਹਾਂ ਦੇ ਘਰੋਂ ਬਰਾਮਦ ਕੀਤਾ ਸੀ।



ਫਲੋਰੀਡਾ 'ਚ ਅਮਰੀਕਾ ਦੀ ਡਿਸਟ੍ਰਿਕਟ ਜੱਜ ਏਲੀਨ ਕੈਨਨ ਸਾਹਮਣੇ ਟਰੰਪ ਦੇ ਵਕੀਲਾਂ ਨੇ ਦਲੀਲ ਦਿੱਤੀ ਕਿ ਮਾਮਲੇ 'ਚ ਸਾਬਕਾ ਰਾਸ਼ਟਰਪਤੀ ਖ਼ਿਲਾਫ਼ ਲੱਗੇ ਸੰਘੀ ਦੋਸ਼ ਬੇਲੁੜੀਂਦੇ ਤੇ ਅਸਪੱਸ਼ਟ ਹਨ। ਜੱਜ ਨੇ ਕਿਹਾ ਕਿ ਸਵਾਲ 'ਤੇ ਗੰਭੀਰਤਾ ਨਾਲ ਵਿਚਾਰ ਕਰਨ ਦੀ ਜ਼ਰੂਰਤ ਹੈ ਪਰ ਇਸ ਬਿੰਦੂ 'ਤੇ ਇਸ ਦਾ ਫ਼ੈਸਲਾ ਨਹੀਂ ਕੀਤਾ ਜਾ ਸਕਦਾ। ਟਰੰਪ ਖ਼ਿਲਾਫ਼ ਚਾਰ ਅਪਰਾਧਕ ਮਾਮਲਿਆਂ 'ਚੋਂ ਇਹ ਇਕ ਹੈ। ਟਰੰਪ ਨਵੰਬਰ 'ਚ ਹੋਣ ਵਾਲੀਆਂ ਰਾਸ਼ਟਰਪਤੀ ਚੋਣਾਂ 'ਚ ਡੈਮੋਕ੍ਰੇਟ ਆਗੂ ਜੋਅ ਬਾਇਡਨ ਸਾਹਮਣੇ ਰਿਪਬਲਿਕਨ ਚੁਣੌਤੀ ਪੇਸ਼ ਕਰਨਗੇ।

ਉੱਧਰ, ਟਰੰਪ ਖ਼ਿਲਾਫ਼ ਪੋਰਨ ਸਟਾਰ ਨੂੰ ਚੁੱਪ ਰਹਿਣ ਬਦਲੇ ਦਿੱਤੇ ਗਏ ਗੁਪਤ ਪੈਸਿਆਂ ਦੇ ਮਾਮਲੇ 'ਚ ਨਿਊਯਾਰਕ ਦੇ ਵਕੀਲਾਂ ਨੇ ਵੀਰਵਾਰ ਨੂੰ ਕਿਹਾ ਕਿ ਉਹ ਅਪਰਾਧਕ ਟ੍ਰਾਇਲ ਇਕ ਮਹੀਨਾ ਦੇਰ ਨਾਲ ਸ਼ੁਰੂ ਕਰਨਾ ਚਾਹੁੰਦੇ ਹਨ। ਇਸ ਨਾਲ ਜ਼ਰੂਰੀ ਦਸਤਾਵੇਜ਼ ਇਕੱਠੇ ਕੀਤੇ ਜਾ ਸਕਣਗੇ। ਇਸ 'ਤੇ ਮੈਨਹਟਨ ਡਿਸਟ੍ਰਿਕਟ ਅਟਾਰਨੀ ਦਫ਼ਤਰ ਨੇ ਕਿਹਾ ਕਿ ਉਸ ਨੂੰ ਇਸ 'ਤੇ ਕੋਈ ਇਤਰਾਜ਼ ਨਹੀਂ ਹੈ। ਜੱਜ ਜੁਆਨ ਮੈਨੁਅਲ ਨੇ ਫ਼ਿਲਹਾਲ ਤੁਰੰਤ ਕੋਈ ਆਦੇਸ਼ ਨਹੀਂ ਦਿੱਤਾ।

## ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪਾਕਿਸਤਾਨ ਪੰਜਾਬ ਦੇ ਸਕੂਲਾਂ ਅੰਦਰ ਪੰਜਾਬੀ ਪੜ੍ਹਾਉਣ ਦੇ ਐਲਾਨ ਦਾ ਕੀਤਾ ਸਵਾਗਤ

ਅੰਮ੍ਰਿਤਸਰ :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪਾਕਿਸਤਾਨ 'ਚ ਪੰਜਾਬ ਦੀ ਨਵੀਂ ਬਣੀ ਮੁੱਖ ਮੰਤਰੀ ਮਰੀਅਮ ਨਵਾਜ਼ ਵੱਲੋਂ ਸੂਬੇ ਦੇ ਸਕੂਲਾਂ ਵਿੱਚ ਪੰਜਾਬੀ ਪੜ੍ਹਾਉਣ ਸਬੰਧੀ ਕੀਤੇ ਐਲਾਨ ਦਾ ਸਵਾਗਤ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬੀ ਚੜ੍ਹਦੇ ਅਤੇ ਲਹਿੰਦੇ ਪੰਜਾਬ ਦੇ ਲੋਕਾਂ ਦੀ ਮਾਂ ਬੋਲੀ ਹੈ, ਜੋ ਕਿ ਨਵੀਂ ਪੀੜ੍ਹੀ ਨੂੰ ਪੜ੍ਹਾਈ ਜਾਣੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਆਪਣੀ ਮਾਂ ਬੋਲੀ ਤੋਂ ਟੁੱਟ ਕੇ ਕੋਈ ਵੀ ਕੌਮ ਕਾਮਯਾਬ ਨਹੀਂ ਹੋ ਸਕਦੀ ਅਤੇ ਆਪਣੇ ਪੁਰਖਿਆਂ ਦੀ ਵਿਰਾਸਤ ਤੋਂ ਵੀ ਖੁੰਝ ਜਾਂਦੀ ਹੈ।ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਮੀਡੀਆ ਰਾਹੀਂ ਉਨ੍ਹਾਂ ਨੂੰ ਜਾਣਕਾਰੀ ਮਿਲੀ ਹੈ ਕਿ ਬੀਤੇ ਦਿਨੀਂ 9 ਮਾਰਚ ਨੂੰ ਪੰਜਾਬ ਸੱਭਿਆਚਾਰ ਦਿਵਸ ਸਮਾਗਮ ਤਹਿਤ ਪਾਕਿ-ਸਤਾਨ ਵਿੱਚ ਪੰਜਾਬ ਦੀ ਮੁੱਖ ਮੰਤਰੀ ਮਰੀਅਮ ਨਵਾਜ਼ ਨੇ ਇਹ



ਐਲਾਨ ਕੀਤਾ ਹੈ ਕਿ ਸੂਬੇ ਦੇ ਸਕੂਲਾਂ ਵਿੱਚ ਪੰਜਾਬੀ ਨੂੰ ਵਿਸ਼ੇ ਵਜੋਂ ਪੜ੍ਹਾਉਣਾ ਸ਼ੁਰੂ ਕੀਤਾ ਜਾਵੇਗਾ। ਲਹਿੰਦੇ ਪੰਜਾਬ ਅੰਦਰ ਪੰਜਾਬੀ ਨੂੰ ਸਕੂਲਾਂ ਅੰਦਰ ਮੁੱਢਲੀ ਜਮਾਤਾਂ ਤੋਂ ਹੀ ਵਿਸ਼ੇ ਵਜੋਂ ਪੜ੍ਹਾਇਆ ਜਾਣਾ ਚਾਹੀਦਾ ਹੈ ਅਤੇ ਉੱਥੋਂ ਦੀ ਸੂਬਾ ਸਰਕਾਰ ਨੂੰ ਆਪਣੇ ਵੱਲੋਂ ਕੀਤੇ ਗਏ ਐਲਾਨ ਨੂੰ ਤੁਰੰਤ ਅਮਲੀ ਰੂਪ ਦੇਣਾ ਚਾਹੀਦਾ ਹੈ।

# ਸਾਧੂ ਸਿੰਘ ਧਰਮਸੋਤ ਅਤੇ ਉਨ੍ਹਾਂ ਦੇ ਪੁੱਤਰ ਦੀ 4.58 ਕਰੋੜ ਰੁਪਏ ਦੀ ਜਾਇਦਾਦ ਜ਼ਬਤ



ਜਲੰਧਰ : ਪੰਜਾਬ ਕਾਂਗਰਸ ਦੇ ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ ਅਤੇ ਉਨ੍ਹਾਂ ਦੇ ਪੁੱਤਰ ਦੀ 4.58 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕੀਤੀ ਗਈ ਹੈ। ਇਹ ਕਾਰਵਾਈ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਮਨੀ ਲਾਂਡਰਿੰਗ ਰੋਕੂ ਕਾਨੂੰਨ ਦੀਆਂ ਧਾਰਾਵਾਂ ਤਹਿਤ ਕੀਤੀ ਹੈ। ਦੱਸ ਦੇਈਏ ਕਿ ਸਾਧੂ ਸਿੰਘ ਧਰਮਸੋਤ ਕਾਂਗਰਸ ਸਰਕਾਰ ਦੌਰਾਨ ਕੈਬਨਿਟ ਮੰਤਰੀ ਸਨ। ਈਡੀ ਸਾਧੂ ਸਿੰਘ ਧਰਮਸੋਤ ਖ਼ਿਲਾਫ਼ ਮਨੀ ਲਾਂਡਰਿੰਗ ਮਾਮਲੇ ਦੀ ਜਾਂਚ ਕਰ ਰਹੀ ਹੈ।

ਧਰਮਸੋਤ 1 ਮਾਰਚ 2016 ਤੋਂ 31 ਮਾਰਚ 2022 ਤੱਕ ਪੰਜਾਬ ਦੇ ਜੰਗਲਾਤ ਮੰਤਰੀ ਰਹੇ ਹਨ। ਮਨੀ ਲਾਂਡਰਿੰਗ ਰੋਕੂ ਕਾਨੂੰਨ (ਪੀਐਮਐਲਏ) ਦੇ ਤਹਿਤ ਈਡੀ ਦੀ ਜਾਂਚ ਵਿੱਚ ਪਾਇਆ ਗਿਆ ਕਿ ਸਾਬਕਾ ਮੰਤਰੀ ਧਰਮਸੋਤ ਨੇ ਜਾਣੇ-ਪਛਾਣੇ ਸਰੋਤਾਂ ਤੋਂ ਵੱਧ ਜਾਇਦਾਦ ਇਕੱਠੀ ਕੀਤੀ। ਈਡੀ ਨੇ ਕਿਹਾ- ਉਨ੍ਹਾਂ ਅਤੇ ਉਨ੍ਹਾਂ ਦੇ ਪੁੱਤਰਾਂ ਦੀ ਆਮਦਨ ਦੱਸੇ ਗਏ ਸਰੋਤਾਂ ਨਾਲ ਮੇਲ ਨਹੀਂ ਖਾਂਦੀ ਹੈ। ਜਿਸ ਕਾਰਨ ਇਹ ਕਾਰਵਾਈ ਕੀਤੀ ਗਈ।

# ਆਮ ਆਦਮੀ ਪਾਰਟੀ ਵੱਲੋਂ ਪੰਜਾਬੀ ਕਲਾਕਾਰ ਕਰਮਜੀਤ ਅਨਮੋਲ ਫਰੀਦਕੋਟ ਲੋਕ ਸਭਾ ਹਲਕੇ ਤੋਂ ਉਮੀਦਵਾਰ

ਆਮ ਆਦਮੀ ਪਾਰਟੀ ਵੱਲੋਂ ਪੰਜਾਬੀ ਕਲਾਕਾਰ ਕਰਮਜੀਤ ਅਨਮੋਲ ਨੂੰ ਫਰੀਦਕੋਟ ਲੋਕ ਸਭਾ ਹਲਕੇ ਤੋਂ ਉਮੀਦਵਾਰ ਐਲਾਨੇ ਜਾਣ ਨਾਲ ਚੋਣ ਮੁਕਾਬਲਾ ਦਿਲਚਸਪ ਹੋ ਗਿਆ ਹੈ। ਇਸ ਵੇਲੇ ਮੁਹੰਮਦ ਸਦੀਕ ਫਰੀਦਕੋਟ ਲੋਕ ਸਭਾ ਹਲਕੇ ਤੋਂ ਸੰਸਦ ਮੈਂਬਰ ਹਨ ਅਤੇ ਉਨ੍ਹਾਂ ਨੂੰ ਕਲਾਕਾਰ ਵਜੋਂ ਫਰੀਦਕੋਟ ਵਿੱਚ ਸ਼ਾਨਦਾਰ ਜਿੱਤ ਹਾਸਲ ਹੋਈ ਸੀ। ਕਰਮਜੀਤ ਅਨਮੋਲ ਪਿਛਲੇ ਲੰਬੇ ਸਮੇਂ ਤੋਂ ਫਰੀਦਕੋਟ ਲੋਕ ਸਭਾ ਹਲਕੇ ਵਿੱਚ ਵਿਚਰ ਰਿਹਾ ਹੈ ਅਤੇ ਉਸ ਦੀ ਇਲਾਕੇ ਵਿੱਚ ਚੰਗੀ ਪਛਾਣ ਹੈ। ਹਾਲਾਂਕਿ ਅਕਾਲੀ ਦਲ, ਕਾਂਗਰਸ ਅਤੇ ਭਾਜਪਾ ਨੇ ਇੱਥੇ ਆਪਣੇ ਉਮੀਦਵਾਰਾਂ ਬਾਰੇ ਪੱਤੇ ਨਹੀਂ ਖੋਲ੍ਹੇ ਪਰ ਮੁਹੰਮਦ ਸਦੀਕ ਨੇ ਕਿਹਾ ਕਿ ਉਹ ਫਰੀਦਕੋਟ ਹਲਕੇ ਤੋਂ ਦੁਬਾਰਾ ਚੋਣ ਲੜਣ ਦੀ ਇੱਛਾ ਰੱਖਦੇ ਹਨ। ਜੇਕਰ ਸਦੀਕ ਨੂੰ ਦੁਬਾਰਾ ਟਿਕਟ ਮਿਲਦੀ ਹੈ ਤਾਂ ਦੋ ਵੱਡੇ ਕਲਾਕਾਰ ਚੋਣ ਮੈਦਾਨ ਵਿੱਚ ਆਹਮੋ-ਸਾਹਮਣੇ ਹੋਣਗੇ। ਜਾਣਕਾਰੀ ਅਨੁਸਾਰ



ਅਕਾਲੀ ਦਲ ਨੇ ਮਲੋਟ ਦੇ ਸਾਬਕਾ ਵਿਧਾਇਕ ਹਰਪ੍ਰੀਤ ਸਿੰਘ ਕੋਟਭਾਈ ਨੂੰ ਫਰੀਦਕੋਟ ਲੋਕ ਸਭਾ ਹਲਕੇ ਵਾਸਤੇ ਤਿਆਰ ਰਹਿਣ ਲਈ ਕਿਹਾ ਹੈ। ਮੌਜੂਦਾ ਸਮੇਂ ਲੋਕ ਸਭਾ ਹਲਕੇ ਅੰਦਰ 9 ਵਿਧਾਨ ਸਭਾ ਹਲਕੇ ਪੈਂਦੇ ਹਨ ਜਿਨ੍ਹਾਂ ਵਿੱਚੋਂ 8 ਵਿਧਾਨ ਸਭਾ ਹਲਕਿਆਂ ਵਿੱਚ ਆਮ ਆਦਮੀ ਪਾਰਟੀ ਦੇ ਵਿਧਾਇਕ ਹਨ। ਇਸ ਤੋਂ ਇਲਾਵਾ ਲੋਕ ਸਭਾ ਹਲਕੇ ਵਿੱਚ ਆਮ ਆਦਮੀ ਪਾਰਟੀ ਨੇ ਚੋਣਾਂ ਤੋਂ ਪਹਿਲਾਂ ਆਪਣੇ ਯੂਥ ਆਗੂਆਂ ਨੂੰ ਚੇਅਰਮੈਨੀਆਂ ਦੇ ਦਿੱਤੀਆਂ ਹਨ। ਕਰਮਜੀਤ ਅਨਮੋਲ ਕੋਲ ਚੋਣ ਪ੍ਰਚਾਰ ਲਈ ਵਿਧਾਇਕਾਂ, ਚੇਅਰਮੈਨਾਂ ਅਤੇ ਪਾਰਟੀ ਆਗੂਆਂ ਦੀ ਵੱਡੀ ਟੀਮ ਹੈ। ਹਾਲਾਂਕਿ ਫਰੀਦਕੋਟ ਲੋਕ ਸਭਾ ਹਲਕੇ ਤੋਂ ਅਰਸ਼ ਉਮਰੀਆਣਾ, ਪ੍ਰੋ. ਗੁਰਸੇਵਕ ਸਿੰਘ, ਮਾਸਟਰ ਅਮਰਜੀਤ ਸਿੰਘ ਸਮੇਤ ਇੱਕ ਦਰਜਨ ਉਮੀਦਵਾਰ ਲੋਕ ਸਭਾ ਟਿਕਟ ਲੈਣ ਦੀ ਦੌੜ ਵਿੱਚ ਸਨ। ਫਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਕਿਹਾ ਕਿ ਕਰਮਜੀਤ ਅਨਮੋਲ ਫਰੀਦਕੋਟ ਲੋਕ ਸਭਾ ਹਲਕੇ ਲਈ ਸਭ ਤੋਂ ਮਜ਼ਬੂਤ ਉਮੀਦਵਾਰ ਹੈ।

# ਡਿਬਰੂਗੜ੍ਹ ਜੇਲ੍ਹ 'ਚ ਭਾਈ ਅੰਮ੍ਰਿਤਪਾਲ ਸਿੰਘ ਦੀ ਤਬੀਅਤ ਵਿਗੜੀ

ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਭਾਈ ਅੰਮ੍ਰਿਤਪਾਲ ਸਿੰਘ ਦੀ ਤਬੀਅਤ ਨਾਸਾਜ਼ ਹੈ। ਉਸ ਦੀ ਕਿਸੇ ਵੀ ਸਮੇਂ ਮੌਤ ਹੋ ਸਕਦੀ ਹੈ। ਇਹ ਦਾਅਵਾ ਅੰਮ੍ਰਿਤਪਾਲ ਸਿੰਘ ਦੇ ਵਕੀਲ ਅਤੇ ਬੁਲਾਰੇ ਸੀਨੀਅਰ ਐਡਵੋਕੇਟ ਰਾਜਦੇਵ ਸਿੰਘ ਖ਼ਾਲਸਾ ਨੇ ਪ੍ਰੈੱਸ ਕਾਨਫਰੰਸ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਭਾਈ ਅੰਮ੍ਰਿਤਪਾਲ ਦੀ ਪਤਨੀ ਕਿਰਨਦੀਪ ਕੌਰ ਉਨ੍ਹਾਂ ਨੂੰ ਮਿਲਣ ਲਈ ਡਿਬਰੂਗੜ੍ਹ ਜੇਲ੍ਹ ਗਈ ਸੀ ਜਿਥੇ ਉਸ ਦੇ ਪਤੀ ਨੂੰ ਖੂਨ ਦੀ ਉਲਟੀ



ਹੋਈ ਸੀ। ਉਹ ਬਹੁਤ ਕਮਜ਼ੋਰ ਹਨ। ਉਹ ਹਾਲ ਦੀ ਘੜੀ ਭੁੱਖ ਹੜਤਾਲ 'ਤੇ ਹਨ। ਉਨ੍ਹਾਂ ਦੀ ਮੰਗ ਹੈ ਕਿ ਉਸ ਨੂੰ ਇੱਥੋਂ ਪੰਜਾਬ ਦੀ ਜੇਲ੍ਹ ਵਿੱਚ ਤਬਦੀਲ ਕੀਤਾ ਜਾਵੇ। ਐਡਵੋਕੇਟ ਖਾਲਸਾ ਨੇ ਦਾਅਵਾ ਕੀਤਾ ਕਿ ਭਾਈ ਅੰਮ੍ਰਿਤਪਾਲ ਸਿੰਘ ਨੇ ਉਸ ਨੂੰ ਕਾਨੂੰਨੀ ਤੌਰ 'ਤੇ ਆਪਣਾ ਲੀਗਲ ਐਡਵਾਈਜ਼ਰ ਤੇ ਬੁਲਾਰਾ ਨਿਯੁਕਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਦੀ ਇੱਕ ਕਾਪੀ ਉਨ੍ਹਾਂ ਨੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੂੰ ਵੀ ਭੇਜੀ ਹੈ।

# ਸੁਖਬੀਰ ਸਿੰਘ ਬਾਦਲ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਾਨੂੰਨੀ ਨੋਟਿਸ ਭੇਜ 7 ਦਿਨਾਂ ਦੇ ਅੰਦਰ ਮਾਫੀ ਮੰਗਣ ਨੂੰ ਕਿਹਾ

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਉਨ੍ਹਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਾਨੂੰਨੀ ਨੋਟਿਸ ਭੇਜਿਆ ਹੈ, ਜਿਸ ਵਿੱਚ ਉਨ੍ਹਾਂ ਨੂੰ ਉਨ੍ਹਾਂ ਦੇ ਨਿੱਜੀ ਕਾਰੋਬਾਰ ਬਾਰੇ ਲਗਾਏ ਦੋਸ਼ਾਂ ਲਈ ਸੱਤ ਦਿਨਾਂ ਵਿੱਚ ਲਿਖਤੀ ਮੁਆਫੀ ਮੰਗਣ ਲਈ ਕਿਹਾ ਗਿਆ ਹੈ । ਅਜਿਹਾ ਨਾ ਕਰਨ 'ਤੇ ਉਨ੍ਹਾਂ ਨੂੰ ਅਪਰਾਧਿਕ ਮਾਣਹਾਨੀ ਦੇ ਕੇਸ ਦਾ ਸਾਹਮਣਾ ਕਰਨਾ ਪੈ ਸਕਦਾ ਹੈ । ਦੱਸ ਦੇਈਏ ਕਿ ਸੁਖਬੀਰ ਬਾਦਲ ਵੱਲੋਂ ਸੀਐਮ ਮਾਨ 'ਤੇ ਮਨਘੜਤ ਦੋਸ਼ ਲਗਾਉਣ ਦੇ ਇਲਜ਼ਾਮ ਲਗਾਏ ਗਏ ਹਨ।

ਇਸ ਸਬੰਧੀ ਸੁਖਬੀਰ ਬਾਦਲ ਨੇ ਟਵਿੱਟਰ 'ਤੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਟਵੀਟ ਕਰਦਿਆਂ ਕਿਹਾ,'ਮੈਂ



ਭਗਵੰਤ ਮਾਨ ਨੂੰ ਕਾਨੂੰਨੀ ਨੋਟਿਸ ਭੇਜਿਆ ਹੈ, ਜਿਸ ਵਿੱਚ ਉਨ੍ਹਾਂ ਨੂੰ ਮੇਰੇ ਨਿੱਜੀ ਕਾਰੋਬਾਰ ਵਿਰੁੱਧ ਦੋਸ਼ ਲਗਾਉਣ ਲਈ 7 ਦਿਨ ਵਿੱਚ ਲਿਖਤੀ ਮੁਆਫੀ ਮੰਗਣ ਲਈ ਕਿਹਾ ਗਿਆ ਹੈ। ਅਜਿਹਾ ਨਾ ਕਰਨ 'ਤੇ ਉਨ੍ਹਾਂ ਨੂੰ ਅਪਰਾਧਿਕ ਮਾਣਹਾਨੀ ਦੇ ਕੇਸ ਦਾ ਸਾਹਮਣਾ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ।"

# ਸ਼ਹਿਰ ਸ਼ਹਿਰ, ਪਿੰਡ-ਪਿੰਡ "ਸਾਗਰ ਦੀ ਵੋਹਟੀ "ਦੇ ਚਰਚੇ ਦੋਗਾਣਾ ਹਿੱਟ ਹੋ ਗਿਆ ਫਿਰ ਛਾ ਗਿਆ-ਸਤਨਾਮ ਸਾਗਰ ਤੇ ਸ਼ੰਮੀ ਪੇਸ਼ਕਸ਼

ਜਿਸ ਪਾਸੇ ਦੇਖੋ ਸੋਸ਼ਲ ਮੀਡੀਆ ਤੇ " ਸਾਗਰ ਦੀ ਵਹੁਟੀ ਲੈਂਦੀ ਇੰਡੀਕਾ ਚਲਾ " ਗੀਤ ਦੇ ਚਰਚੇ ਹਨ।ਰੀਲਾਂ ਬਣ ਆ ਰਹੀਆਂ ਨੇ ਤੇ ਗਾਣਾ ਵਾਇਰਲ ਇੰਜ ਹੋਇਆ ਜਿਵੇਂ " ਮੋਦੀ ਕੀ ਗਰੰਟੀ " ਤੇ ਹਰ ਅਖ਼ਬਾਰ ,ਚੈਨਲ ਸਤਨਾਮ ਸਾਗਰ ਤੇ ਸ਼ਰਨਜੀਤ ਸ਼ੰਮੀ ਦਾ ਇੰਟਰਵਿਊ ਕਰ ਰਿਹਾ ਹੈ ।ਆਓ ਮਿਲੋ ਤੁਸੀਂ ਵੀ ਸਤਨਾਮ ਸਾਗਰ ਨੂੰ ਜਿਹੜਾ ਅੰਮ੍ਰਿਤਸਰ ਰਹਿ ਰਿਹਾ।ਇੱਕ ਟਾਈਮ ਸੀ ਅਖਾੜਾ ਹੀ ਸਾਗਰ ਦਾ ਲੱਗਦਾ ਸੀ।ਸੰਗੀਤ ਕੰਪਨੀਆਂ ਉਸ ਪਿੱਛੇ ਪਿੱਛੇ ਮੂੰਹ ਮੰਗੇ ਨੋਟ ਲਈ ਫਿਰਦੀਆਂ ਸਨ । ਫਿਰ ਵੀ ਉਸ ਯਾਰੀ ਗੁਰਦਾਸਪੁਰ ਦੀ ਵੀ ਡੀ ਬੀ ਕੰਪਨੀ ਨਾਲ ਨਿਭਾਈ ਸੀ ਹਾਲਾਂ ਕਿ ਗਾਣੇ ਤੀਸਿਰੀਜ ਵਿੱਚ ਵੀ ਆਏ।ਸਾਗਰ ਦਰਿਆਦਿਲ ਬੰਦਾ ਉਸ ਅੰਮ੍ਰਿਤਸਰ ਦੇ ਕਲਾਕਾਰਾਂ ਨੂੰ ਪਾਰਟੀਆਂ ਦੇਣੀਆਂ।ਉਸ ਤੇ ਕੁੱਝ ਅਸਭਾਯਕ ਗੀਤ ਗਾਉਣ ਦੇ ਦੋਸ਼ ਵੀ ਲੱਗੇ ਪਰ " ਫੁੱਲਾਂ ਵਾਲੀ ਰਜਾਈ " ਸੁਪਰ ਹਿੱਟ ਗਾਣਾ ਰਿਹਾ। " ਕੱਦੂ ਮਾਰ " ਹਿੱਟ।ਓਹ ਪੇਂਡੂ ਸਮਾਜ ਦੇ ਗਾਉਂਦਾ ਰਿਹਾ।ਯਾਰੀਆਂ ਖਾਤਿਰ ਪੈਸੇ ਲੁਟਾ



ਓਹ ਗੁੰਮਨਾਮੀ ਦੇ ਦੌਰ ਵਿੱਚ ਵੀ ਗਿਆ।ਅਚਾਨਕ ਉਸ ਦਾ ਪਿਛਲਾ ਇੱਕ ਦੋਗਾਣਾ ਨਵੇਂ ਸਿਰੇ ਤੋਂ ਕੀ ਆਇਆ ਕਿ ਅੱਜ ਸਾਗਰ ਦੀ ਵੋਹਟੀ ਗਾਣੇ ਦੀ ਹੀ ਚਰਚਾ ਹੈ ।ਅਜੇ ਸਿੰਘ ਨਿਰਦੇਸ਼ਕ ਨਾਲ ਓਸ ਦਾ ਪਿਆਰ ਹੈ।ਸ਼ੰਮੀ ਖਾਂ ਓਸ ਨਾਲ ਅੱਜ ਕਲ ਮਿਲ ਰਿਹਾ।ਸ਼ੰਮੀ ਓਸ ਦੀ ਧਰਮ ਪਤਨੀ ਹੈ।ਕਦੇ ਇੱਕ ਅਖ਼ਬਾਰ ਦੇ ਅੱਧੇ ਸਫ਼ੇ ਤੇ ਸਾਗਰ ਦੀ ਮਸ਼ਹੂਰੀ ਹੁੰਦੀ ਸੀ।ਓਹ ਪੜ੍ਹਿਆ ਨਹੀਂ ਪਰ ਗਾਣੇ ਆਪ ਲਿਖਦਾ ਤੇ ਗਾਣੇ ਜਿਹੜਾ ਓਸ ਨਾਲ ਬੀਤਦਾ ਹੈ।ਨਿਮਾਣਾ ਬਣ ਜਾਂਦਾ ਹੈ ,ਸਰੋਤੇ ਓਸ ਲਈ ਰੱਬ ਹਨ।ਇਸ " ਸਾਗਰ ਦੀ ਵੋਹਟੀ " ਦੋਗਾਣੇ ਨੇ ਸਤਨਾਮ ਸਾਗਰ ਨੂੰ ਫਿਰ ਖੜਾ ਕਰ ਦਿੱਤਾ ਹੈ ਕਿਸਮਤ ,ਲਿਖੇ ਕਰਮ ਅਨੁਸਾਰ ਕੁਦਰਤ ਫਲ ਦਿੰਦੀ ਹੈ ਇਹ ਦਿਖਾਈ ਦੇ ਰਿਹਾ ਹੈ ।ਘਰ ਵਿੱਚ ਜਨਾਨੀਆਂ ਅਕਸਰ ਇਹ ਗੀਤ ਗਾ ਰਹੀਆਂ ਹਨ ।," ਸਾਗਰ ਦੀ ਵੋਹਟੀ ਦੀ ਬੱਲੇ ਬੱਲੇ ਹੋਈ ਪਈ ਹੈ ।

– ਪੇਸ਼ਕਸ਼ : ਅੰਮ੍ਰਿਤ ਪਵਾਰ

# ਪੰਜਾਬੀ ਸਿੱਖਣ ਲਈ ਕਿਤਾਬਾਂ

**ਜੀ ਸੀ ਐਸ ਈ ਦੀ ਤਿਆਰੀ ਲਈ ਬੱਚਿਆਂ ਨੂੰ ਤੋਹਫ਼ੇ GIFT ਵਜੋਂ ਇਹ ਕਿਤਾਬਾਂ ਦਿਓ ਤੇ ਪੰਜਾਬੀ ਨਾਲ ਜੋੜੋ**

ਜੇ ਤੁਹਾਡੇ ਬੱਚੇ ਜਾਂ ਤੁਸੀਂ ਪੰਜਾਬੀ ਪੜ੍ਹਨੀ ਸਿੱਖਣੀ ਚਾਹੁੰਦੇ ਹੋ, ਤਾਂ [illegible] 1 ਤੋਂ 4 [illegible] ਕਿਤਾਬਾਂ (Work Books) [illegible] ਰਾਹੀਂ ਪੰਜਾਬੀ ਸਿੱਖ ਸਕਦੇ ਹੋ। [illegible]




ਇਹ ਕਿਤਾਬ ਤੁਹਾਡੇ ਆਪਣੇ ਬੱਚੇ ਜਾਂ ਸਕੂਲਾਂ ਨੂੰ ਦੇਣ ਲਈ ਵੀ ਬਹੁਤ ਲਾਭਦਾਇਕ ਹੈ। ਜਿਸ ਤੋਂ ਤੁਸੀਂ ਅੰਗਰੇਜ਼ੀ ਤੋਂ ਪੰਜਾਬੀ ਅਤੇ ਪੰਜਾਬੀ ਤੋਂ ਅੰਗਰੇਜ਼ੀ ਬੜੇ ਆਸਾਨ ਤਰੀਕੇ ਨਾਲ ਸਿੱਖ ਸਕਦੇ ਹੋ

4 ਕਿਤਾਬਾਂ ਦੇ ਸੈੱਟ ਦੀ ਕੀਮਤ ਕੇਵਲ £15.00 ਪੌਂਡ (ਡਾਕ ਖਰਚ ਸਮੇਤ) ਹੈ ਕਿਤਾਬਾਂ ਦੇ 10 ਸੈੱਟਾਂ ਤੋਂ ਉੱਪਰ ਆਰਡਰ ਤੇ ਡਿਸਕਾਊਂਟ ਦਿੱਤੇ ਜਾ।

ਕਿਤਾਬਾਂ ਮੰਗਵਾਉਣ ਲਈ ਤੁਸੀਂ ਹੇਠਾਂ ਦਿੱਤੇ ਨੰਬਰਾਂ ਤੇ ਸੰਪਰਕ ਕਰ ਸਕਦੇ ਹੋ

**Whats App (M) 07966 388388**

## PANJAB TIMES

BRIDLE GATE LANE, ALVASTON, DERBY, DE24 0QW, U.K.
Email: panjabtimes@gmail.com,
www.panjabtimes.co.uk TEL: 01332 372 851

www.fb.com/punjabtimesuk



# ਨਿਰਮਾਣ ਸੇਵਕ ਜਥਾ ਸਿੱਖ ਟੈਂਪਲ, ਬ੍ਰਿਸਟਲ ਵਿਖੇ ਕੀਰਤਨੀ ਜਥੇ (ਦੋ ਧਾਰਮਿਕ ਸੇਵਾਦਾਰਾਂ) ਦੀ ਲੋੜ

**An opportunity has arisen for two Religious Workers at Nirman Sewak Jatha Sikh Heritage Ltd in Bristol**

**The duties of the Religious Workers will include:**

Reading from Guru Granth Sahib Ji, Hymn singing, reciting prayers. Assisting and conducting daily and weekly Diwans, marriages, engagements, funerals and other religious ceremonies. Should be able to teach Gurbani Kirtan, Path and playing instruments (i.e. Vaaja and Tabla). Working collaboratively with the Managing Committee and volunteers. The workers will be responsible for locking and unlocking the Gurdwara premises.

**LOCATION: BRISTOL UK, NIRMAN SEWAK JATHA**
**11 SUMMERHILL ROAD, ST. GEORGE, BRISTOL UK BS5 8HG**

**REQUIREMENTS:** Must be able to read and speak Punjabi (Gurmukhi). Clean character certificate required from previous employer. Should have good communicational and interpersonal skills. A clean DBS or equivalent check is required if accepted. Preference will be given to qualified and experienced candidates who should be a UK resident or have the right to work in the UK.

**DURATION & REMUNERATION:** Employment will consist of 20 hours per week. The first 3 months will be a probation period. If performance is satisfactory the duration could be extended to 12 Months.

**RATE: Salary will be in accordance to UK employment law, plus reasonable expenses.**

**HOW TO APPLY:** CV supplemented with video evidence and the details of 2 referees

CLOSING DATE: 3rd April 2024

PLEASE APPLY TO ADDRESS BELOW OR CONTACT
MR. BALDEV SINGH ROUDH 07830517552
Email:secretary@nirmansewakjatha.org.uk

**Nirman Sewak Jatha - Sikh Temple, Bristol**
11 SUMMERHILL ROAD, ST. GEORGE, BRISTOL, BS5 8HG, U.K.



# GSD

## GSD ESTATE AGENTS

RESIDENTIAL & COMMERCIAL PROPERTY EXPERTS
SALES • LETTINGS • MANAGEMENT

EXPERIENCED & INDEPENDENT
FAMILY OWNED & OPERATED

How much is your home worth ?
More properties wanted for qualified applicants
We can sell or let your properties fast
2-3 year rent guarantee schemes available

## ਜੀ. ਐਸ. ਡੀ. ਇਸਟੇਟ ਏਜੰਟਸ

ਤੁਹਾਡੇ ਘਰ ਦੀ ਕਿੰਨੀ ਕੀਮਤ ਹੈ ?
ਤੁਹਾਡੀ ਜਾਇਦਾਦ ਵੇਚਣ ਜਾਂ ਕਿਰਾਏ 'ਤੇ ਦੇਣ ਲਈ ਤੁਹਾਡੀ ਮਦਦ ਕਰ ਸਕਦੇ ਹਾਂ।
ਯੋਗ ਅਰਜ਼ੀ ਕਰਤਾਵਾਂ ਲਈ ਹੋਰ ਜਾਇਦਾਦਾਂ ਚਾਹੀਦੀਆਂ ਹਨ।
ਗਰੰਟੀ 'ਤੇ ਕਿਰਾਏ ਲਈ 2-3 ਸਾਲ ਦੀਆਂ ਯੋਜਨਾਵਾਂ ਵੀ ਉਪਲੱਬਧ ਹਨ।
ਜਾਇਦਾਦ ਸਬੰਧੀ ਤਜਰਬੇਕਾਰ ਤੇ ਪ੍ਰੋਫੈਸ਼ਨਲ ਮਾਹਿਰਾਂ ਦੀ ਸਲਾਹ ਜ਼ਰੂਰ ਲਵੋ

EXCELLENCE AS STANDARD *Supporting a greener future*

**Director: Mr Gurjeet Singh Dhariwal**

Visit our website: www.gsdestates.com
Tel: 020 8570 1284 Email: info@gsdestates.com
10 New Heston Road, Heston, TW5 0LJ
GSD Estate Agents Ltd. Company No: 06529322. All rights reserved



# ਸੁਮਨ ਮੈਰਿਜ ਬਿਊਰੋ (ਇੰਟਰਨੈਸ਼ਨਲ)

UK's FIRST ASIAN MARRIAGE BUREAU

Guaranteed introduction service - Since 1972
CURRENTLY SEEKING MATCHES FOR THE FOLLOWING
JAT SIKH GIRLS (F) & BOYS (M) - (*with turban/beard):

| | | | | |
|---|---|---|---|---|
| 26 | 5'04" | BSc Optometry | Optometrist | Single (F) |
| 27 | 5'03" | B.A. History | Product Manager | Single (F) |
| 27 | 5'07" | M.D. | Doctor | Single (F) |
| 29 | 5'09" | LLB (Hons) | Lawyer (Solicitor) | Single (F) |
| 29 | 5'08" | DDA | Dentist | Single (F) |
| 29 | 5'04" | LLB (Hons) , LPC | Trainee Solicitor | Single (F) |
| 29 | 5'07" | ACCA | Accountant | Single (F) |
| 27 | 6'02" | Graduate | Financial Sector | Single (M) |
| 29 | 5'10"+ | MBChB | Doctor-GP Training | Single (M) |
| 29* | 6'00" | M.Pharms | Pharmacy Area Man. | Single (M) |
| 29 | 6'04" | Graduation | Business Owner | Single (M) |
| 30 | 5'11" | Graduation | Business Owner | Single (M) |



OVER 50 YEARS OF MATCHMAKING
Please feel free to contact us to discuss your requirements in confidence and without any obligation! English/Punjabi spoken.

## SUMAN MARRIAGE BUREAU

Bespoke Matchmaking Service

**0121 582 9995 or 020 8571 5145**

WhatsApp/Signal: 07485 708717
Web: www.s-m-b.com Email: info@s-m-b.com

Providing a personal matchmaking service for all Asian communities
Follow us on Facebook: www.facebook.com/SumanMarriageBureau
Instagram: @SumanMarriageBureau
WE HAVE CLIENTS ALL OVER UK


Face value
Glasses from only £15
You're better off with Specsavers
Includes standard single-vision lenses only
Specsavers

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

## ਨੌਟਿੰਘਮ ਵਾਸੀ ਹਰਮਨ ਪਿਆਰੇ ਤੇ ਬਹੁਤ ਹੀ ਦਿਲਅਜੀਜ਼ ਮਾਸਟਰ ਸੰਤੋਖ ਸਿੰਘ ਜੀ ਨਿਜਰਾਂ

# ਅਕਾਲ ਚਲਾਣਾ ਕਰ ਗਏ

## ਅੰਤਿਮ ਸੰਸਕਾਰ ਦਿਨ ਸ਼ਨਿੱਚਰਵਾਰ 16 ਮਾਰਚ 2024 ਨੂੰ ਹੋਵੇਗਾ

ਅੰਤਿਮ ਯਾਤਰਾ – ਅੰਤਿਮ ਦਰਸ਼ਨ

### ਮਾਸਟਰ ਸੰਤੋਖ ਸਿੰਘ ਨਿਜਰਾਂ

24 ਮਈ 1936 - 8 ਮਾਰਚ 2024

**ਅੰਤਮ ਸੰਸਕਾਰ**

ਸ਼ਨੀਵਾਰ 16 ਮਾਰਚ 2024

**ਲੰਗਰ, ਕੀਰਤਨ, ਸਹਿਜ ਪਾਠ ਭੋਗ ਅਤੇ ਅੰਤਿਮ ਅਰਦਾਸ**

SRI GURU SINGH SABHA GURDWARA AT 1.30 PM

20 NOTTINGHAM ROAD, NEW BASFORD, NG7 7AE

ਬੇਨਤੀ ਕਰਤਾ

ਸਮੂਹ ਨਿਜਰਾਂ ਪਰਿਵਾਰ



ਸਵਰਗੀ ਸੰਤੋਖ ਸਿੰਘ ਨਿਜਰਾਂ

Celebrating the life of

### Master Santokh Singh Nijran

24 May 1936 - 8 March 2024

SATURDAY 16TH MARCH 2024

ANTIM DARSHAN

SRI GURU SINGH SABHA GURDWARA AT 10.00 AM

20 NOTTINGHAM ROAD, NEW BASFORD, NG7 7AE

FUNERAL SERVICE

GEDLING CREMATORIUM AT 12.00 PM

CATFOOT LANE, LAMBLEY, NOTTINGHAM, NG4 4QH

LANGAR, KIRTAN, SEHAJ PATH BHOG & ANTIM ARDAS

SRI GURU SINGH SABHA GURDWARA AT 1.30 PM

20 NOTTINGHAM ROAD, NEW BASFORD, NG7 7AE

With love from

the Nijran Family

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

ਆਪ ਸਭ ਨੂੰ ਭਰੇ ਮਨ ਨਾਲ ਇਹ ਖ਼ਬਰ ਦਿੱਤੀ ਜਾਂਦੀ ਹੈ ਕਿ ਸਾਡੇ ਸਤਿਕਾਰਯੋਗ ਪਿਤਾ ਜੀ, ਸ: ਸੰਤੋਖ ਸਿੰਘ ਨਿਜਰਾਂ ਬੀਤੇ ਦਿਨੀਂ 8 ਮਾਰਚ 2024 ਨੂੰ ਆਪਣੀ ਜੀਵਨ ਯਾਤਰਾ ਪੂਰੀ ਕਰਕੇ ਅਕਾਲ ਚਲਾਣਾ ਕਰ ਗਏ ਹਨ। ਉਹ ਲੱਗਭੱਗ 87 ਸਾਲਾਂ ਦੇ ਸਨ। ਉਹ ਆਪਣੇ ਪਿੱਛੇ ਤਿੰਨ ਪੁੱਤਰਾਂ ਅਤੇ ਦੋ ਧੀਆਂ ਦੇ ਵਸਦੇ-ਰਸਦੇ ਪਰਿਵਾਰ ਛੱਡ ਗਏ ਹਨ।

ਪੰਜਾਬੀ ਭਾਈਚਾਰੇ ਲਈ ਉਹਨਾਂ ਦਾ ਬਹੁਤ ਵੱਡਾ ਯੋਗਦਾਨ ਰਿਹਾ ਹੈ। ਕਿੱਤੇ ਵਜੋਂ ਉਹ ਇੱਕ ਅਧਿਆਪਕ ਸਨ, ਪੰਜਾਬ ਵਿੱਚ ਬਹੁਤ ਜਵਾਨ ਉਮਰ ਵਿੱਚ ਉਹ ਹੈਡਮਾਸਟਰ ਬਣ ਗਏ ਸਨ। ਚਾਰ ਕੁ ਸਾਲ ਇਹ ਸੇਵਾ ਕਰਨ ਉਪਰੰਤ 1968 ਵਿੱਚ ਉਹ ਵਾਊਚਰ ਸਕੀਮ ਤੇ ਇੱਕ ਅਧਿਆਪਕ ਵਜੋਂ ਇੰਗਲੈਂਡ ਆ ਗਏ। ਇਥੇ ਆਉਣ ਉਪਰੰਤ ਉਨ੍ਹਾਂ ਨੇ ਪਹਿਲਾਂ ਕੁਝ ਸਾਲ ਬ੍ਰਮਿੰਘਮ ਵਿੱਚ ਸਰਵਿਸ ਕੀਤੀ ਅਤੇ ਫਿਰ ਉਹ ਨੌਟਿੰਘਮ ਆ ਕੇ ਪੱਕੇ ਤੌਰ 'ਤੇ ਵਸ ਗਏ। ਨੌਟਿੰਘਮ ਵਿਖੇ ਉਹਨਾਂ ਫੌਰੈਸਟ ਫੀਲਡਜ਼ ਪ੍ਰਾਇਮਰੀ ਸਕੂਲ ਵਿੱਚ 29 ਸਾਲ ਅਧਿਆਪਕ ਵਜੋਂ ਸੇਵਾ ਕੀਤੀ। ਉਹ 1968 ਵਿੱਚ ਸਥਾਪਿਤ ਹੋਏ 'ਗੁਰੂ ਨਾਨਕ ਪੰਜਾਬੀ ਸਕੂਲ' ਦੇ ਮੁੱਖ ਅਧਿਆਪਕ ਵੀ ਰਹੇ ਜਿੱਥੇ ਕਿਸੇ ਸਮੇਂ 500 ਦੇ ਲੱਗਭੱਗ ਪੰਜਾਬੀ ਸਿੱਖਣ ਵਾਲੇ ਵਿਦਿਆਰਥੀ ਪੜ੍ਹਦੇ ਸਨ। ਇਸ ਸਕੂਲ ਵਿੱਚ ਬੱਚਿਆਂ ਨੂੰ ਪੰਜਾਬੀ ਭਾਸ਼ਾ ਦੇ ਨਾਲ ਨਾਲ ਅੰਗਰੇਜ਼ੀ, ਹਿਸਾਬ, ਕੰਪਿਊਟਿੰਗ ਤੇ ਸਟੱਡੀ ਸਕਿੱਲਜ਼ ਬਾਰੇ ਵੀ ਸਿੱਖਿਆ ਦਿੱਤੀ ਜਾਂਦੀ ਸੀ।

ਸ: ਸੰਤੋਖ ਸਿੰਘ ਗੁਰਦੁਆਰਾ 'ਗੁਰੂ ਨਾਨਕ ਸਤਿਸੰਗ' ਫੌਰੈਸਟ ਰੋਡ ਵੈਸਟ ਨੌਟਿੰਘਮ ਦੇ ਫਾਊਂਡਰ ਮੈਂਬਰ ਸਨ ਤੇ ਕਾਫ਼ੀ ਸਮਾਂ ਉਹ ਮੁੱਖ ਸੇਵਾਦਾਰ ਵੀ ਰਹੇ। ਸਿੰਘ ਸਭਾ ਗੁਰਦੁਆਰਾ ਨੌਟਿੰਘਮ ਵਿਖੇ ਵੀ ਉਹਨਾਂ ਕਾਫ਼ੀ ਸਮਾਂ ਵੱਖ ਵੱਖ ਸੇਵਾਵਾਂ ਨਿਭਾਈਆਂ। ਇਸ ਦੇ ਇਲਾਵਾ ਨੌਟਿੰਘਮ ਇੰਟਰਫੇਥ ਕੌਂਸਲ ਦੇ ਵੀ ਕਈ ਵਾਰ ਚੇਅਰਮੈਨ ਰਹੇ। ਉਹਨਾਂ ਹੋਰ ਵੀ ਬਹੁਤ ਸਾਰੀਆਂ ਕਮੇਟੀਆਂ ਸੰਸਥਾਵਾਂ ਦੇ ਸਰਗਰਮ ਮੈਂਬਰ ਵਜੋਂ ਸੇਵਾਵਾਂ ਨਿਭਾਈਆਂ। ਉਹਨਾਂ ਨੇ ਸਾਰੇ ਭਾਈਚਾਰੇ ਦੀ ਉਮਰ ਭਰ ਬਹੁਤ ਹੀ ਸਮਰਪਿਤ ਭਾਵਨਾ ਨਾਲ ਸੇਵਾ ਕੀਤੀ। ਉਹ ਅਣਥੱਕ ਸੇਵਾਦਾਰ ਸਨ, ਰੋਜ਼ਾਨਾ ਹੀ ਕਿਸੇ ਨਾ ਕਿਸੇ ਸਬੰਧ ਵਿੱਚ ਉਹ ਮੀਟਿੰਗਾਂ ਵਿੱਚ ਰੁੱਝੇ ਹੋਣ ਦੇ ਬਾਵਜੂਦ ਕਦੇ ਥਕੇਵਾਂ ਨਹੀਂ ਮਹਿਸੂਸ ਕਰਦੇ ਸਨ। ਉਹਨਾਂ ਨੇ ਬਹੁਤ ਸਾਰੇ ਨੌਜਵਾਨ ਲੜਕੇ ਲੜਕੀਆਂ ਨੂੰ ਪੰਜਾਬੀ ਅਧਿਆਪਕ ਬਣ ਕੇ ਬੱਚਿਆਂ ਨੂੰ ਪੰਜਾਬੀ ਪੜ੍ਹਾਉਣ ਲਈ ਪ੍ਰੇਰਿਆ। ਉਹਨਾਂ ਗੁਰੂ ਨਾਨਕ ਮਿਸ਼ਨ ਹਸਪਤਾਲ ਜਲੰਧਰ ਵਾਸਤੇ ਵੀ ਕਾਫ਼ੀ ਚੈਰਿਟੀ ਸੇਵਾਵਾਂ ਪ੍ਰਦਾਨ ਕੀਤੀਆਂ। ਨੌਟਿੰਘਮ ਵਿਖੇ ਉਹਨਾਂ 1980 ਵਿੱਚ ਸ: ਰ. ਸਿੰਘ ਜੱਬਲ ਦੇ ਸਹਿਯੋਗ ਨਾਲ ਮੇਨ ਲਾਇਬ੍ਰੇਰੀ ਵਿੱਚ ਪੰਜਾਬੀ ਸੈਕਸ਼ਨ ਸਥਾਪਤ ਕਰਵਾਇਆ ਤੇ ਕਾਫ਼ੀ ਸਾਰੀਆਂ ਕਿਤਾਬਾਂ ਲਾਇਬ੍ਰੇਰੀ ਲਈ ਭੇਟ ਕੀਤੀਆਂ।

ਉਹਨਾਂ ਨੂੰ ਬਰਤਾਨੀਆ ਦੀ ਮਹਾਰਾਣੀ ਵੱਲੋਂ ਕਈ ਵਾਰ ਖਾਸ-ਖਾਸ ਮੌਕਿਆਂ 'ਤੇ ਪਾਰਟੀਆਂ ਵਿੱਚ ਸ਼ਾਮਿਲ ਹੋਣ ਲਈ ਸੱਦਾ ਭੇਜਿਆ ਗਿਆ ਅਤੇ ਐਮ ਬੀ ਈ ਐਵਾਰਡ ਨਾਲ ਸਨਮਾਨਿਤ ਵੀ ਕੀਤਾ ਗਿਆ ਸੀ। ਸ: ਸੰਤੋਖ ਸਿੰਘ ਨੂੰ ਭਾਈਚਾਰੇ ਦੀਆਂ ਵੱਖ-ਵੱਖ ਸੇਵਾਵਾਂ ਲਈ ਬਹੁਤ ਸਾਰੇ ਮੌਕਿਆਂ ਤੇ ਐਵਾਰਡਾਂ ਲਈ ਨਾਮਜ਼ਦ ਕੀਤਾ ਗਿਆ ਸੀ। ਇਸ ਦੇ ਇਲਾਵਾ ਉਹਨਾਂ ਨੂੰ 2000 ਵਿੱਚ ਸਿਟੀਜ਼ਨ ਆਫ਼ ਆਨਰ ਐਵਾਰਡ ਨੌਟਿੰਘਮ ਸਿਟੀ ਕੌਂਸਲ ਅਤੇ ਬੁਕਿੰਘਮ ਪੈਲਿਸ ਵਿਖੇ ਐਜੂਕੇਸ਼ਨਲ ਅਚੀਵਮੈਂਟ ਇਨ ਸਕੂਲ, 2000 ਵਿੱਚ ਹੀ ਨਿਊ ਕਾਲਜ ਨੌਟਿੰਘਮ ਵੱਲੋਂ 30 ਸਾਲ ਸੇਵਾ ਕਰਨ ਲਈ, 2002 ਵਿੱਚ ਭਾਈਚਾਰੇ ਦੀ ਸੇਵਾ ਲਈ ਵਿੰਡਰਸ਼ ਐਵਾਰਡ, 2007 ਵਿੱਚ ਪੰਜਾਬੀਜ਼ ਇੰਨ ਬ੍ਰਿਟੇਨ ਆਲ ਪਾਰਟੀ ਗਰੁੱਪ, ਕਲਚਰਲ ਐਵਾਰਡ ਪਾਰਲੀਮੈਂਟ ਵਿਖੇ ਪ੍ਰਦਾਨ ਕੀਤਾ ਗਿਆ।

ਆਪਣੇ ਸਤਿਕਾਰਯੋਗ ਪਿਤਾ ਜੀ ਨੂੰ ਪਰਿਵਾਰ ਵੱਲੋਂ ਸਦਾ ਲਈ ਯਾਦ ਕੀਤਾ ਜਾਵੇਗਾ। ਗੁਰੂ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਉਹਨਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਸਾਨੂੰ ਸਾਰੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਬਖਸ਼ਿਸ਼ ਕਰਨ।



















## ਦੁਖੀ ਹਿਰਦੇ – ਨਿੱਜਰਾਂ ਪਰਿਵਾਰ, ਰਿਸ਼ਤੇਦਾਰ ਅਤੇ ਸੰਗੀ ਸਾਥੀ

ਹੋਰ ਜਾਣਕਾਰੀ ਲਈ: ਸਪੁੱਤਰ, ਭਾਈ ਗੁਰਸ਼ਰਨ ਸਿੰਘ - 07973 824413, ਭਾਈ ਦਲਜੀਤ ਸਿੰਘ - 07917 702030, ਭਾਈ ਮਨਿੰਦਰ ਸਿੰਘ - 07810 815079

# MANAK SOLICITORS



## Nosheen Bukhari
Wills & Probate Director

Nosheen is an experienced Private Client Solicitor, specialising in all matters connected to Wills, Lasting Powers of Attorney, Court of Protection applications, Probate and Trust work. She is renowned as friendly, approachable, respectful and empathetic to clients.

Gravesend | Orpington | Sevenoaks | London



manaksolicitors.co.uk

**0800 634 9726**

Google ★★★★★ 4.9/5 CUSTOMER REVIEWS

Lexcel Legal Practice Quality Mark Law Society Accredited



**Rajbir Singh Manak MA (Hons)** **Surinder Singh Manak LLB (Hons)**

Punjab Times is Published by Punjab Times Trust, Bridle Gate Lane, Derby, DE24 0QW (U.K.) Tel: (01332) 372851. Editor M.S. Purewal. Registered as a newspaper with G.P.O.